ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਮੰਗਲਵਾਰ, 16 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਮਜੀਠਾ 'ਚ ਵੱਡੀ ਵਾਰਦਾਤ, ਚੱਲਦੀ ਪਾਰਟੀ 'ਚ ਮਾਰ 'ਤਾ ਮੁੰਡਾ

**ਮਜੀਠਾ, 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੁਲਸ ਥਾਣਾ ਮਜੀਠਾ ਅਧੀਨ ਆਉਂਦੇ ਪਿੰਡ ਗਾਲੋਵਾਲੀ ਕਲੋਨੀ ਵਿਚ ਆਪਸੀ ਝਗੜੇ ਦੌਰਾਨ ਇਕ ਨੌਜਵਾਨ ਦਾ ਬੇਰਹਿਮੀ ਨਾਲ਼ ਕਤਲ ਹੋਣ ਦਾ ਸਮਾਚਾਰ ਮਿਲਿਆ ਹੈ।



ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਗਾਲੋਵਾਲੀ ਕਲੋਨੀ ਵਿਚ ਇਕ ਘਰ ਵਿਚ ਪਾਰਟੀ ਚੱਲ ਰਹੀ ਸੀ ਕਿ ਕੁਝ ਵਿਅਕਤੀਆਂ ਦੀ ਆਪਸ ਵਿਚ ਤਕਰਾਰ ਹੋ ਗਈ। ਗੱਲ ਇੱਥੋਂ ਤੱਕ ਵੱਧ ਗਈ ਕਿ ਕੁਝ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰ ਨਾਲ ਹਮਲਾ ਕਰਕੇ ਇਕ ਨੌਜਵਾਨ ਸਰਬਜੀਤ ਸਿੰਘ ਉਰਫ਼ ਸਾਬੀ ਉਮਰ ਕਰੀਬ 30 ਸਾਲ ਦਾ ਕਤਲ ਕਰ ਦਿੱਤਾ। ਮ੍ਰਿਤਕ ਨੌਜਵਾਨ ਆਪਣੇ ਨਾਨਕੇ ਘਰ ਵਿਚ ਰਹਿੰਦਾ ਸੀ। ਮਜੀਠਾ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਇਸ ਸਬੰਧੀ ਐੱਸ. ਐੱਚ. ਓ. ਮਜੀਠਾ ਕਰਮਪਾਲ ਸਿੰਘ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ। ਉਨਾਂ ਕਿਹਾ ਕਿ ਮਾਮਲੇ ਦੀ ਪੜਤਾਲ ਕਰਕੇ ਮੁਕੱਦਮਾ ਦਰਜ ਕੀਤਾ ਜਾ ਰਿਹਾ ਹੈ। ਜਲਦੀ ਦੋਸ਼ੀ ਪੁਲਸ ਦੀ ਹਿਰਾਸਤ ਵਿਚ ਹੋਣਗੇ।

## ਹੁਣ ਜਲੰਧਰ ਦੇ ਪ੍ਰਾਈਵੇਟ ਸਕੂਲਾਂ ਨੂੰ

# ਬੰਬ ਨਾਲ ਉਡਾਉਣ ਦੀ ਧਮਕੀ ਮਿਲੀ, ਅਲਰਟ 'ਤੇ ਪ੍ਰਸ਼ਾਸਨ




**ਜਲੰਧਰ, 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਪ੍ਰਾਈਵੇਟ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਜਿਵੇਂ ਹੀ ਸਕੂਲ ਪ੍ਰਸ਼ਾਸਨ ਨੂੰ ਧਮਕੀ ਭਰਿਆ ਫੋਨ ਆਇਆ, ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਗਿਆ। ਕੇਐਮਵੀ ਸਕੂਲ, ਸੇਂਟ ਜੋਸਫ਼ ਕਾਨਵੈਂਟ ਸਕੂਲ ਦੇ ਨਾਲ, ਤੁਰੰਤ ਖਾਲੀ ਕਰਵਾ ਲਿਆ ਗਿਆ। ਪੁਲਿਸ ਮੌਕੇ 'ਤੇ ਤਾਇਨਾਤ ਹੈ ਅਤੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ। ਪਹਿਲਾਂ, ਅੰਮ੍ਰਿਤਸਰ ਦੇ ਪ੍ਰਾਈਵੇਟ ਸਕੂਲਾਂ ਨੂੰ ਵੀ ਇਸੇ ਤਰ੍ਹਾਂ ਦੀਆਂ ਧਮਕੀ ਭਰੀਆਂ ਫੋਨ ਆਈਆਂ ਸਨ, ਪਰ ਇਸ ਤਰ੍ਹਾਂ ਦਾ ਕੁਝ ਨਹੀਂ ਮਿਲਿਆ। ਸਕੂਲ ਤੋਂ ਆਪਣੇ ਬੱਚਿਆਂ ਨੂੰ ਲੈਣ ਆਏ ਮਾਪਿਆਂ ਨੇ ਕਿਹਾ ਕਿ ਉਨ੍ਹਾਂ ਨੂੰ ਸਕੂਲ ਤੋਂ ਇੱਕ ਸੁਨੇਹਾ ਮਿਲਿਆ ਹੈ ਜਿਸ ਵਿੱਚ ਉਨ੍ਹਾਂ ਨੂੰ ਦੱਸਿਆ ਗਿਆ ਹੈ ਕਿ ਸਕੂਲ ਵਿੱਚ ਕੁਝ ਮੁਰੰਮਤ ਦਾ ਕੰਮ ਚੱਲ ਰਿਹਾ ਹੈ, ਇਸ ਲਈ ਉਨ੍ਹਾਂ ਨੂੰ ਆਪਣੇ ਬੱਚਿਆਂ ਨੂੰ ਲੈ ਜਾਣਾ ਚਾਹੀਦਾ ਹੈ। ਉਨ੍ਹਾਂ ਨੂੰ ਹੋਰ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਏਸੀਪੀ ਸੰਜੇ ਕੁਮਾਰ ਨੇ ਕਿਹਾ ਕਿ ਸਕੂਲ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਸੂਚਿਤ ਕੀਤਾ ਸੀ ਕਿ ਉਨ੍ਹਾਂ ਨੂੰ ਸਵੇਰੇ ਇੱਕ ਧਮਕੀ ਭਰਿਆ ਈਮੇਲ ਮਿਲਿਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਸਕੂਲ ਨੂੰ ਬੰਬ ਨਾਲ ਉਡਾ ਦਿੱਤਾ ਜਾਵੇਗਾ। ਇਸ ਤੋਂ ਬਾਅਦ, ਪੁਲਿਸ ਪ੍ਰਸ਼ਾਸਨ ਪਹੁੰਚਿਆ ਅਤੇ ਸੁਰੱਖਿਆ ਸਥਿਤੀ ਦਾ ਮੁਆਇਨਾ ਕੀਤਾ, ਅਤੇ ਸੁਰੱਖਿਆ ਕਾਰਨਾਂ ਕਰਕੇ ਸਕੂਲ ਨੂੰ ਖਾਲੀ ਕਰਵਾ ਲਿਆ ਗਿਆ।

## ਕੰਗਣਾ ਰਣੌਤ ਮਾਣਹਾਨੀ ਮਾਮਲੇ ਦੀ ਸੁਣਵਾਈ ਟਲੀ, ਕੋਰਟ ਨੂੰ ਕੀਤੀ ਕੰਗਨਾ ਨੇ ਇਹ ਅਪੀਲ

**ਬਠਿੰਡਾ , 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਅਦਾਕਾਰਾ ਅਤੇ ਭਾਜਪਾ ਸੰਸਦ ਮੈਂਬਰ ਕੰਗਨਾ ਰਣੌਤ ਨੂੰ ਬਠਿੰਡਾ ਅਦਾਲਤ ਵਿੱਚ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ 'ਤੇ ਟਿੱਪਣੀਆਂ ਕਰਨ ਲਈ ਦਾਇਰ ਮਾਣਹਾਨੀ ਦੇ ਮਾਮਲੇ ਵਿੱਚ ਸੁਣਵਾਈ ਹੋਈ। ਹਾਲਾਂਕਿ ਇਸ ਪੇਸ਼ੀ ਦੌਰਾਨ ਕੰਗਨਾ ਰਣੌਤ ਪੇਸ਼ ਨਹੀਂ ਹੋਈ। ਫਿਲਹਾਲ ਇਸ ਮਾਮਲੇ ਸਬੰਧੀ ਅਗਲੀ ਸੁਣਵਾਈ 5 ਜਨਵਰੀ, 2026 ਨੂੰ ਹੋਵੇਗੀ। ਦੱਸ ਦਈਏ ਕਿ ਸਾਂਸਦ ਕੰਗਨਾ ਰਣੌਤ ਵੱਲੋਂ, ਉਨ੍ਹਾਂ ਦੇ ਵਕੀਲ ਨੇ ਅਦਾਲਤ ਵਿੱਚ ਪੇਸ਼ ਹੋਣ ਤੋਂ ਛੋਟ ਲਈ ਅਰਜ਼ੀ ਦਾਇਰ ਕੀਤੀ ਸੀ। ਬਠਿੰਡਾ ਅਦਾਲਤ ਵੱਲੋਂ ਅਰਜ਼ੀ ਸਵੀਕਾਰ ਕਰਕੇ ਇੱਕ ਹੋਰ ਤਰੀਕ ਦੇ ਦਿੱਤੀ।



ਮਾਣਹਾਨੀ ਦਾ ਕੇਸ ਦਾਇਰ ਕਰਨ ਵਾਲੀ ਬੇਬੇ ਮਹਿੰਦਰ ਕੌਰ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਰਘੁਬੀਰ ਸਿੰਘ ਬਹਿਣੀਵਾਲ ਨੇ ਕਿਹਾ ਕਿ ਕੰਗਨਾ ਰਣੌਤ ਦੇ ਵਕੀਲ ਨੇ ਪੇਸ਼ ਹੋਣ ਤੋਂ ਛੋਟ ਦੀ ਬੇਨਤੀ ਕੀਤੀ ਸੀ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਵੱਲੋਂ 5 ਜਨਵਰੀ, 2026 ਤੋਂ ਪਹਿਲਾਂ ਗਵਾਹ ਪੇਸ਼ ਕੀਤੇ ਜਾਣਗੇ ਅਤੇ ਛੋਟ ਦੀ ਅਰਜ਼ੀ 'ਤੇ ਬਹਿਸ ਕੀਤੀ ਜਾਵੇਗੀ। ਕਾਬਿਲੇਗੌਰ ਹੈ ਕਿ ਜਦੋਂ ਕਿਸਾਨ ਦਿੱਲੀ 'ਚ ਕੇਂਦਰ ਸਰਕਾਰ ਦੇ ਖੇਤੀਬਾੜੀ ਕਾਨੂੰਨਾਂ ਖਿਲਾਫ ਪ੍ਰਦਰਸ਼ਨ ਕਰ ਰਹੇ ਸੀ, ਤਾਂ ਬਠਿੰਡਾ ਦੇ ਪਿੰਡ ਬਹਾਦਰਗੜ੍ਹ ਜੰਡੀਆ ਦੀ ਵਸਨੀਕ ਬੇਬੇ ਮਹਿੰਦਰ ਕੌਰ ਨੇ ਇੱਕ ਪਟੀਸ਼ਨ ਦਾਇਰ ਕਰਕੇ ਇਲਜ਼ਾਮ ਲਗਾਇਆ ਕਿ ਕੰਗਨਾ ਰਣੌਤ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਉਨ੍ਹਾਂ ਖਿਲਾਫ ਮਾਣਹਾਨੀ ਦਾ ਕੇਸ ਪੋਸਟ ਕੀਤਾ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਅਜਿਹੀਆਂ ਔਰਤਾਂ ਵਿਰੋਧ ਪ੍ਰਦਰਸ਼ਨਾਂ ਲਈ 100 ਰੁਪਏ ਲੈ ਕੇ ਆਉਂਦੀਆਂ ਹਨ।

## ਪ੍ਰਧਾਨ ਮੰਤਰੀ ਮੋਦੀ ਦੋ ਦਿਨਾਂ ਦੌਰੇ 'ਤੇ ਜੌਰਡਨ ਪਹੁੰਚੇ, ਦੋਵਾਂ ਦੇਸ਼ਾਂ ਦੇ ਸਬੰਧਾਂ ਦੀ ਮਜ਼ਬੂਤੀ 'ਤੇ ਹੋਵੇਗਾ ਜ਼ੋਰ

**ਅੰਮਾਨ (ਜੌਰਡਨ), 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੋਮਵਾਰ (15 ਦਸੰਬਰ) ਨੂੰ ਦੋ ਦਿਨਾਂ ਦੌਰੇ 'ਤੇ ਜੌਰਡਨ ਪਹੁੰਚੇ ਹਨ, ਜਿਸ ਦਾ ਮੁੱਖ ਉਦੇਸ਼ ਇਸ ਅਰਬ ਦੇਸ਼ ਨਾਲ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਅੰਮਾਨ ਹਵਾਈ ਅੱਡੇ 'ਤੇ ਜੌਰਡਨ ਦੇ ਪ੍ਰਧਾਨ ਮੰਤਰੀ ਜਾਫਰ ਹਸਨ ਨੇ ਉਨ੍ਹਾਂ ਦਾ ਨਿੱਜੀ ਤੌਰ 'ਤੇ ਸਵਾਗਤ ਕੀਤਾ। ਪ੍ਰਧਾਨ ਮੰਤਰੀ ਮੋਦੀ ਦੀ ਇਹ ਯਾਤਰਾ ਭਾਰਤ ਅਤੇ ਜੌਰਡਨ ਦਰਮਿਆਨ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੇ 75 ਸਾਲ ਪੂਰੇ ਹੋਣ ਦੇ ਮੌਕੇ 'ਤੇ ਹੋ ਰਹੀ ਹੈ। ਇਹ ਦੌਰਾ ਪ੍ਰਧਾਨ ਮੰਤਰੀ ਮੋਦੀ ਦੇ ਤਿੰਨ ਦੇਸ਼ਾਂ ਦੇ ਚਾਰ-ਦਿਨਾਂ ਦੌਰੇ ਦਾ ਪਹਿਲਾ ਪੜਾਅ ਹੈ, ਜਿਸ ਤੋਂ ਬਾਅਦ ਉਹ ਇਥੋਪੀਆ ਅਤੇ ਓਮਾਨ ਵੀ ਜਾਣਗੇ। ਵਿਦੇਸ਼ ਮੰਤਰਾਲੇ ਦੇ ਅਨੁਸਾਰ, ਇਹ ਪ੍ਰਧਾਨ ਮੰਤਰੀ ਮੋਦੀ ਦੀ ਜੌਰਡਨ ਦੀ ਪਹਿਲੀ ਪੂਰੀ ਦੁਵੱਲੀ ਯਾਤਰਾ ਹੈ। ਇਸ ਤੋਂ ਪਹਿਲਾਂ, ਉਹ ਫਰਵਰੀ 2018 ਵਿੱਚ ਫਲਸਤੀਨ ਜਾਂਦੇ ਸਮੇਂ ਜੌਰਡਨ ਵਿੱਚ ਕੁਝ ਦੇਰ ਲਈ ਰੁਕੇ ਸਨ। ਹਾਲਾਂਕਿ, ਉਸ ਸਮੇਂ ਸ਼ਾਹ ਅਬਦੁੱਲਾ ਦੂਜੇ ਇਬਨ ਅਲ ਹੁਸੈਨ ਨੇ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਸੀ, ਜਿਸ ਕਾਰਨ ਉਹ ਸਿਰਫ਼ ਇੱਕ ਆਵਾਜਾਈ ਯਾਤਰਾ ਤੋਂ ਵੱਧ ਬਣ ਗਈ ਸੀ। ਕਿਸੇ ਵੀ ਭਾਰਤੀ ਪ੍ਰਧਾਨ ਮੰਤਰੀ ਦੀ ਇਹ ਮੌਜੂਦਾ ਪੂਰੀ ਦੁਵੱਲੀ ਯਾਤਰਾ 37 ਸਾਲਾਂ ਦੇ ਅੰਤਰਾਲ ਤੋਂ ਬਾਅਦ ਹੋ ਰਹੀ ਹੈ। ਪ੍ਰਧਾਨ ਮੰਤਰੀ ਅੱਜ ਬਾਅਦ ਵਿੱਚ ਜੌਰਡਨ ਦੇ ਸ਼ਾਹ ਅਬਦੁੱਲਾ ਦੂਜੇ ਇਬਨ ਅਲ ਹੁਸੈਨ ਨਾਲ ਵਿਅਕਤੀਗਤ ਤੌਰ 'ਤੇ ਮੁਲਾਕਾਤ ਕਰਨਗੇ, ਜਿਸ ਤੋਂ ਬਾਅਦ ਪ੍ਰਤੀਨਿਧੀ ਮੰਡਲ ਪੱਧਰ ਦੀ ਗੱਲਬਾਤ ਹੋਵੇਗੀ। ਪ੍ਰਧਾਨ ਮੰਤਰੀ ਅਤੇ ਸ਼ਾਹ ਦੇ ਮੰਗਲਵਾਰ ਨੂੰ ਭਾਰਤ-ਜੌਰਡਨ ਵਪਾਰ ਪ੍ਰੋਗਰਾਮ ਨੂੰ ਸੰਬੋਧਨ ਕਰਨ ਦੀ ਉਮੀਦ ਹੈ, ਜਿਸ ਵਿੱਚ ਦੋਵਾਂ ਦੇਸ਼ਾਂ ਦੇ ਪ੍ਰਮੁੱਖ ਕਾਰੋਬਾਰੀ ਹਿੱਸਾ ਲੈਣਗੇ। ਭਾਰਤ ਤੇ ਜੌਰਡਨ ਦੇ ਵਿਚਕਾਰ ਮਜ਼ਬੂਤ ਆਰਥਿਕ ਸਬੰਧ ਹਨ। ਦਿੱਲੀ ਅੰਮਾਨ ਦਾ ਤੀਜਾ ਸਭ ਤੋਂ ਵੱਡਾ ਵਪਾਰਕ ਸਹਿਭਾਗੀ ਹੈ। ਦੋਵਾਂ ਦੇਸ਼ਾਂ ਵਿਚਕਾਰ ਦੁਵੱਲੇ ਵਪਾਰ ਦਾ ਮੁੱਲ 2.8 ਅਰਬ ਅਮਰੀਕੀ ਡਾਲਰ ਹੈ। ਜੌਰਡਨ ਭਾਰਤ ਨੂੰ ਖਾਦਾਂ, ਖਾਸ ਤੌਰ 'ਤੇ ਫਾਸਫੇਟ ਅਤੇ ਪੋਟਾਸ਼ ਦਾ ਇੱਕ ਪ੍ਰਮੁੱਖ ਸਪਲਾਇਰ ਵੀ ਹੈ। ਇਸ ਅਰਬ ਦੇਸ਼ ਵਿੱਚ 17,500 ਤੋਂ ਵੱਧ ਭਾਰਤੀ ਪ੍ਰਵਾਸੀ ਰਹਿੰਦੇ ਹਨ, ਜੋ ਕੱਪੜਾ, ਨਿਰਮਾਣ ਅਤੇ ਉਤਪਾਦਨ ਵਰਗੇ ਖੇਤਰਾਂ ਵਿੱਚ ਕੰਮ ਕਰਦੇ ਹਨ। ਪ੍ਰਧਾਨ ਮੰਤਰੀ ਇਸ ਦੌਰਾਨ ਜੌਰਡਨ ਵਿੱਚ ਭਾਰਤੀ ਭਾਈਚਾਰੇ ਨਾਲ ਵੀ ਗੱਲਬਾਤ ਕਰਨਗੇ। ਉਹ ਦੇਸ਼ ਦੇ ਯੁਵਰਾਜ ਨਾਲ ਪੇਤਰਾ ਸ਼ਹਿਰ ਦਾ ਦੌਰਾ ਕਰਨ ਦੀ ਵੀ ਯੋਜਨਾ ਬਣਾ ਰਹੇ ਹਨ, ਜੋ ਭਾਰਤ ਨਾਲ ਪ੍ਰਾਚੀਨ ਵਪਾਰਕ ਸਬੰਧ ਸਾਂਝੇ ਕਰਨ ਵਾਲਾ ਇੱਕ ਇਤਿਹਾਸਕ ਸ਼ਹਿਰ ਹੈ, ਹਾਲਾਂਕਿ ਇਹ ਯਾਤਰਾ ਮੌਸਮ ਦੀਆਂ ਸਥਿਤੀਆਂ 'ਤੇ ਨਿਰਭਰ ਕਰਦੀ ਹੈ।



## ਫੋਟੋ ਖਿਚਵਾਉਣ ਬਹਾਨੇ ਫਾਇਰਿੰਗ ! ਕਬੱਡੀ ਖਿਡਾਰੀ ਰਾਣਾ ਬਲਾਚੌਰੀਆ ਦੀ ਮੌਤ, 10 ਦਿਨ ਪਹਿਲਾਂ ਹੋਇਆ ਸੀ ਵਿਆਹ

**ਮੋਹਾਲੀ, 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਦੇ ਸੋਹਣਾ ਇਲਾਕੇ 'ਚ ਵੱਡੀ ਵਾਰਦਾਤ ਸਾਹਮਣੇ ਆਈ ਹੈ, ਜਦੋਂ ਕਬੱਡੀ ਕੱਪ ਮੌਕੇ ਅਚਾਨਕ ਕੁਝ ਹਮਲਾਵਰਾਂ ਨੇ ਗੋਲੀਆਂ ਚਲਾ ਦਿੱਤੀਆਂ। ਇਹ ਘਟਨਾ ਸੈਕਟਰ-82 ਦੇ ਮੈਦਾਨ 'ਚ ਵਾਪਰੀ। ਮਿਲੀ ਜਾਣਕਾਰੀ ਮੁਤਾਬਕ

### ਗਾਇਕ ਮਨਕੀਰਤ ਔਲਖ ਦੇ ਆਉਣ ਤੋਂ ਪਹਿਲਾਂ ਚੱਲੀਆਂ ਗੋਲੀਆਂ



ਫੋਰਟਿਸ ਹਸਪਤਾਲ ਗੰਭੀਰ ਹਾਲਤ ਵਿਚ ਦਾਖਲ ਕਰਵਾਏ ਰਾਣਾ ਬਲਾਚੌਰੀਆ ਦੀ ਮੌਤ ਹੋ ਗਈ ਹੈ। ਇਸ ਦੌਰਾਨ ਇਹ ਵੀ ਜਾਣਕਾਰੀ ਸਾਹਮਣੇ ਆਈ ਹੈ ਕਿ ਰਾਣਾ ਬਲਾਚੌਰੀਆ ਦਾ 10 ਦਿਨ ਪਹਿਲਾਂ ਹੀ ਵਿਆਹ ਹੋਇਆ ਸੀ ਐੱਸਐੱਸਪੀ ਮੁਹਾਲੀ ਹਰਮਨਦੀਪ ਸਿੰਘ ਹੰਸ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਸੁਹਾਣਾ ਵਿਚ ਕਬੱਡੀ ਕੱਪ ਚੱਲ ਰਿਹਾ ਸੀ। ਇਸ ਦੌਰਾਨ ਕਬੱਡੀ ਖਿਡਾਰੀ ਤੇ ਪ੍ਰਮੋਟਰ ਰਾਣਾ ਬਲਾਚੌਰ ਕੋਲ ਕੁਝ ਨੌਜਵਾਨ ਤਸਵੀਰਾਂ ਖਿਚਵਾਉਣ ਦੇ ਬਹਾਨੇ ਆਏ ਤੇ ਅਚਾਨਕ ਉਨ੍ਹਾਂ ਨੇ ਰਾਣਾ ਉੱਤੇ ਗੋਲੀਆਂ ਚਲਾ ਦਿੱਤੀਆਂ। ਇਸ ਦੌਰਾਨ ਦੱਸਿਆ ਜਾ ਰਿਹਾ ਹੈ ਕਿ ਚਾਰ ਤੋਂ ਪੰਜ ਗੋਲੀਆਂ ਚੱਲੀਆਂ। ਨੌਜਵਾਨ ਨੂੰ ਵੀ ਗੋਲੀਆਂ ਲੱਗੀਆਂ ਹਨ, ਇਸ ਦੌਰਾਨ ਉਹ ਗੰਭੀਰ ਜ਼ਖਮੀ ਹੋ ਗਿਆ। ਇਸ ਦੌਰਾਨ ਇਹ ਵੀ ਦੱਸਿਆ ਜਾ ਰਿਹਾ ਹੈ ਕਿ ਹਮਲਾਵਰ ਇਕ ਬਲੈਰੋ ਤੇ ਬਾਈਕ ਉੱਤੇ ਫਰਾਰ ਹੋ ਗਏ। ਹਮਲਾਵਰ ਦੋ ਤੋਂ ਤਿੰਨ ਦੱਸੇ ਜਾ ਰਹੇ ਹਨ। ਪੁਲਸ ਮਾਮਲੇ ਦੀ ਰੰਜ਼ਿਸ਼ ਤੇ ਹੋਰ ਐਂਗਲਾਂ ਤੋਂ ਜਾਂਚ ਕਰ ਰਹੀ ਹੈ। ਇਸ ਦੌਰਾਨ ਸੀਸੀਟੀਵੀ ਵੀ ਖੰਗਾਲੇ ਜਾ ਰਹੇ ਹਨ। ਇਸ ਟੂਰਨਾਮੈਂਟ ਵਿੱਚ ਪ੍ਰਸਿੱਧ ਸਿੰਗਰ ਮਨਕੀਰਤ ਔਲਖ ਦੇ ਵੀ ਆਉਣ ਦਾ ਪ੍ਰੋਗਰਾਮ ਸੀ। ਇਸ ਦੌਰਾਨ ਦੱਸਿਆ ਜਾ ਰਿਹਾ ਹੈ ਕਿ ਚਾਰ ਤੋਂ ਪੰਜ ਗੋਲੀਆਂ ਚੱਲੀਆਂ। ਨੌਜਵਾਨ ਨੂੰ ਵੀ ਗੋਲੀਆਂ ਲੱਗੀਆਂ ਹਨ। ਇਸ ਦੌਰਾਨ ਡੀਐੱਸਪੀ ਸਿਟੀ 2 ਹਰਸਿਮਰਨ ਸਿੰਘ ਬਲ ਵੀ ਉਥੇ ਮੌਜੂਦ ਸਨ, ਜਿਨ੍ਹਾਂ ਨੇ ਨੌਜਵਾਨ ਨੂੰ ਹਸਪਤਾਲ ਦਾਖਲ ਕਰਵਾਇਆ। ਇਸ ਦੌਰਾਨ ਇਹ ਵੀ ਦੱਸਿਆ ਜਾ ਰਿਹਾ ਹੈ ਕਿ ਹਮਲਾਵਰ ਇਕ ਬਲੈਰੋ ਤੇ ਬਾਈਕ ਉੱਤੇ ਫਰਾਰ ਹੋ ਗਏ। ਹਮਲਾਵਰ ਦੋ ਤੋਂ ਤਿੰਨ ਦੱਸੇ ਜਾ ਰਹੇ ਹਨ। ਪੁਲਸ ਮਾਮਲੇ ਦੀ ਰੰਜ਼ਿਸ਼ ਤੇ ਹੋਰ ਐਂਗਲਾਂ ਤੋਂ ਜਾਂਚ ਕਰ ਰਹੀ ਹੈ। ਇਸ ਦੌਰਾਨ ਸੀਸੀਟੀਵੀ ਵੀ ਖੰਗਾਲੇ ਜਾ ਰਹੇ ਹਨ। ਚਸ਼ਮਦੀਦਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਪਹਿਲਾਂ ਲੱਗਾ ਕਿ ਪਟਾਕੇ ਚੱਲ ਰਹੇ ਹਨ। ਮੈਚ ਦੇ ਦੌਰਾਨ ਕਰੀਬ 6 ਰਾਊਂਡ ਫਾਇਰਿੰਗ ਹੋਈ। ਗੋਲੀਆਂ ਦਰਸ਼ਕਾਂ ਦੇ ਉੱਪਰੋਂ ਲੰਘੀਆਂ ਸਨ। ਕਬੱਡੀ ਖਿਡਾਰੀ ਵੀ ਗਰਾਊਂਡ 'ਤੇ ਤਿਆਰੀ ਕਰ ਰਹੇ ਸਨ, ਜਦੋਂ ਅਚਾਨਕ ਗੋਲੀਆਂ ਦੀ ਆਵਾਜ਼ ਸੁਣਾਈ ਦਿੱਤੀ। ਗੋਲੀਬਾਰੀ ਕਰਨ ਤੋਂ ਬਾਅਦ ਹਮਲਾਵਰ ਮੌਕੇ ਤੋਂ ਭੱਜ ਗਏ। ਇਸ ਟੂਰਨਾਮੈਂਟ ਵਿੱਚ ਪ੍ਰਸਿੱਧ ਸਿੰਗਰ ਮਨਕੀਰਤ ਔਲਖ ਦੇ ਵੀ ਆਉਣ ਦਾ ਪ੍ਰੋਗਰਾਮ ਸੀ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਮਾਮਲੇ ਦੀ ਜਾਂਚ ਵਿੱਚ ਜੁੱਟ ਗਈ ਹੈ। ਪੁਲਸ ਵੱਲੋਂ ਇਲਾਕੇ ਵਿੱਚ ਲੱਗੇ ਕੈਮਰਿਆਂ ਦੀ ਰਿਕਾਰਡਿੰਗ ਦੇਖੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦਾ ਪਤਾ ਲਗਾਇਆ ਜਾ ਸਕੇ।

## ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਚੋਣ ਨਤੀਜਿਆਂ ਤੋਂ ਪਹਿਲਾਂ ਹਾਈਕੋਰਟ ਪਹੁੰਚੀ ਪੰਜਾਬ ਕਾਂਗਰਸ

**ਚੰਡੀਗੜ੍ਹ, 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਹੈ। ਜਿਸ 'ਚ ਉਨ੍ਹਾਂ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਗਿਣਤੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕਰਨ ਦੀ ਮੰਗ ਕੀਤੀ ਗਈ ਹੈ। ਦਰਅਸਲ ਪਟੀਸ਼ਨ 'ਚ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਮੰਗ ਕੀਤੀ ਹੈ ਕਿ ਪੰਜਾਬ ਵਿੱਚ 17 ਦਸੰਬਰ ਨੂੰ ਹੋਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਗਿਣਤੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕੀਤੀ ਜਾਵੇ। ਪਟੀਸ਼ਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਇਨ੍ਹਾਂ ਚੋਣਾਂ ਵਿੱਚ ਵੱਡੇ ਪੱਧਰ 'ਤੇ ਧਾਂਦਲੀ ਹੋਈ ਹੈ, ਜਿਸ ਨਾਲ ਪੂਰੀ ਚੋਣ 'ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ। ਇਸ ਲਈ, ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ ਅਤੇ ਭਰੋਸੇਯੋਗਤਾ ਨੂੰ ਯਕੀਨੀ ਬਣਾਉਣ ਲਈ ਕੱਲ੍ਹ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਪੂਰੀ ਗਿਣਤੀ ਪ੍ਰਕਿਰਿਆ ਦੀ ਲਾਜ਼ਮੀ ਵੀਡੀਓਗ੍ਰਾਫੀ ਕਰਵਾਈ ਜਾਣੀ ਚਾਹੀਦੀ ਹੈ। ਦੱਸ ਦਈਏ ਕਿ ਇਸ ਪਟੀਸ਼ਨ 'ਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਭਲਕੇ ਸੁਣਵਾਈ ਕਰੇਗਾ। ਕਾਬਿਲੇਗੌਰ ਹੈ ਕਿ ਰਾਜ ਚੋਣ ਕਮਿਸ਼ਨ ਵੱਲੋਂ 5 ਜ਼ਿਲ੍ਹਿਆਂ ਦੀਆਂ ਕੁੱਝ ਥਾਂਵਾਂ 'ਤੇ ਚੋਣਾਂ ਮੁੜ ਕਰਵਾਉਣ ਦੇ ਹੁਕਮ ਕੀਤੇ ਗਏ ਹਨ। ਚੋਣ ਕਮਿਸ਼ਨ ਅਨੁਸਰ, ਰਾਜ ਵਿੱਚ 22 ਜ਼ਿਲ੍ਹਾ ਪ੍ਰੀਸ਼ਦਾਂ ਦੇ 347 ਜ਼ੋਨਾਂ ਅਤੇ 153 ਪੰਚਾਇਤ ਸੰਮਤੀਆਂ ਦੇ 2838 ਜ਼ੋਨਾਂ ਤੋਂ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਸ਼ਾਂਤੀਪੂਰਵਕ ਢੰਗ ਨਾਲ ਹੋਈਆਂ ਹਨ ਤੇ ਕਿਤੇ ਵੀ ਕੋਈ ਜਾਨੀ ਨੁਕਸਾਨ ਜਾਂ ਵੱਡੀ ਝੜਪ ਦੀ ਰਿਪੋਰਟ ਨਹੀਂ ਹੈ।

**ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਕੰਮਕਾਰ ਬੰਦ ! ਵਕੀਲਾਂ ਨੇ ਕਰ 'ਤੀ ਹੜਤਾਲ** : ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਅੱਜ ਵਕੀਲਾਂ ਵਲੋਂ ਹੜਤਾਲ ਕਰ ਦਿੱਤੀ ਗਈ। ਦਰਅਸਲ ਹਿਸਾਰ ਪੁਲਸ 'ਤੇ ਲੱਗੇ ਵਕੀਲ ਦੀ ਕੁੱਟਮਾਰ ਦੇ ਗੰਭੀਰ ਇਲਜ਼ਾਮਾਂ ਕਾਰਨ ਹਾਈਕੋਰਟ ਦੇ ਵਕੀਲਾਂ ਨੇ ਕੰਮ ਬੰਦ ਕਰ ਦਿੱਤਾ। ਬਾਰ ਐਸੋਸੀਏਸ਼ਨ ਦੇ ਆਨਰੇਰੀ ਸਕੱਤਰ ਗਗਨਦੀਪ ਜੰਮੂ ਨੇ ਦੱਸਿਆ ਕਿ ਪੀੜਤ ਅਮਿਤ ਸਮੇਤ ਬਾਰ ਦੇ ਮੈਂਬਰਾਂ ਵਲੋਂ ਕੁੱਟਮਾਰ ਦੀ ਸ਼ਿਕਾਇਤ ਸਬੰਧੀ ਆਮ ਸਭਾ 'ਚ ਐਮਰਜੈਂਸੀ ਬੈਠਕ ਬੁਲਾਈ ਗਈ ਸੀ। ਅਮਿਤ ਬਾਰ ਦੇ ਮੈਂਬਰ ਹਨ, ਉਨ੍ਹਾਂ ਨਾਲ ਸੀ. ਆਈ. ਏ.-1 ਹਿਸਾਰ ਦੇ ਅਧਿਕਾਰੀਆਂ ਵਲੋਂ ਦੁਰਵਿਵਹਾਰ ਕੀਤਾ ਗਿਆ ਸੀ ਅਤੇ ਪੰਜਾਬ ਦੇ ਐਡਵੋਕੇਟ ਜਨਰਲ ਨੂੰ ਅਪੀਲ ਕੀਤੇ ਜਾਣ ਦੇ ਬਾਵਜੂਦ ਮੋਹਾਲੀ/ਨਵਾਂਗਾਓਂ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ। ਇਸ ਤੋਂ ਬਾਅਦ ਆਮ ਸਭਾ ਨੇ ਸਰਵ ਸੰਮਤੀ ਨਾਲ ਅੱਜ ਹੜਤਾਲ ਕਰਨ ਦਾ ਫ਼ੈਸਲਾ ਕੀਤਾ। ਇਸ ਸਬੰਧੀ ਅੱਗੇ ਦੀ ਕਾਰਵਾਈ 'ਤੇ ਫ਼ੈਸਲਾ ਲੈਣ ਲਈ ਭਲਕੇ ਆਮ ਸਭਾ ਦੀ ਬੈਠਕ ਫਿਰ ਬੁਲਾਈ ਗਈ ਹੈ।

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫ਼ਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ ’ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ

## 6 ਪੋਹ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ ’ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 7 ਪੋਹ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 8 ਪੋਹ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 9 ਪੋਹ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 10 ਪੋਹ




**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 11-12 ਪੋਹ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ ‘ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।’ ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 13 ਪੋਹ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 14 ਪੋਹ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ ’ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ ’ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲ਼ਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV





ਦਸ਼ਮੇਸ਼ ਵਿਦਿਅਕ ਸੰਸਥਾਵਾਂ 'ਚ

# ਖੇਡ ਸਮਾਗਮ ਦੇ ਚੌਥੇ ਦਿਨ ਹੋਏ ਸ਼ਾਨਦਾਰ ਰੋਮਾਂਚਿਕ ਮੁਕਾਬਲੇ

**ਚੌਕ ਮਹਿਤਾ, 15 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਦਸ਼ਮੇਸ਼ ਵਿਦਿਅਕ ਸੰਸਥਾਵਾਂ ਮਹਿਤਾ ਚੌਂਕ ਵਿਖੇ ਚੱਲ ਰਹੇ ਚਾਰ ਰੋਜ਼ਾ ਖੇਡ ਸਮਾਗਮ ਚ ਅੱਜ ਚੌਥੇ ਦਿਨ ਇਨਾਮ ਵੰਡ ਸਮਾਰੋਹ ਕਰਵਾਏ ਗਏ ਇਹ ਖੇਡ ਸਮਾਗਮ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾ-ਗੱਦੀ ਦਿਵਸ , ਮਾਤਾ ਗੁਜਰ

ਆਵਾਜ਼ਿ ਕੌਮ
AWAZE QAUM
International Newspaper & WEB TV

ਕੌਰ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਇਆ ਗਿਆ ਅੱਜ ਦੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ.ਤਰਨਜੀਤ ਸਿੰਘ ਸੰਧੂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।

ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਈਵੈਂਟਸ ਕੱਪ ਰੇਸ, ਕਾਰਬੋਡ ਰੇਸ, ਵਨ ਲੈਗ ਰੇਸ, ਬੈਲੂਨ ਰੇਸ ,ਸੈਕ ਰੇਸ , ਰਿਲੇਅ 400 ਮੀਟਰ ਰੇਸ ਚ ਹਿੱਸਾ ਲਿਆ। ਬੱਚਿਆਂ ਵੱਲੋਂ ਐਥਲੀਟ ਈਵੈਂਟਸ ਤੋਂ ਇਲਾਵਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰ ਸਾਹਿਬਜ਼ਾਦਿਆਂ ਨਾਲ ਸੰਬੰਧਿਤ ਕੋਰੀਓਗ੍ਰਾਫੀ ਦੀ ਪੇਸ਼ਕਾਰੀ ਇੰਟਰ ਹਾਊਸ ਮੁਕਾਬਲਿਆਂ ਰਾਹੀਂ ਪੇਸ਼ ਕੀਤੀ ਗਈ ।ਜਿਸ ਚ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਤੋਂ ਬਿਆਸ ਹਾਊਸ ਪਹਿਲੇ ਸਥਾਨ ਰਾਵੀ ਹਾਊਸ ਦੂਸਰੇ ਸਤਲੁਜ ਹਾਊਸ ਤੇ ਰਾਵੀ ਹਾਊਸ ਤੀਸਰੇ ਸਥਾਨ ਤੇ ਰਿਹਾ। ਦਸ਼ਮੇਸ਼ਪਬਲਿਕ ਸਕੂਲ ਚ ਪੈਸੀਫਿਕ ਹਾਊਸ ਪਹਿਲੇ,ਐਟਲਾਂਟਿਕ ਹਾਊਸ ਦੂਜੇ ਅਤੇ ਇੰਡੀਅਨ ਹਾਊਸ ਤੀਜੇ ਸਥਾਨ ਤੇ ਰਿਹਾ। ਇਸ

### ਰਾਜਦੂਤ ਸ.ਤਰਨਜੀਤ ਸਿੰਘ ਸੰਧੂ ਨੇ ਕੀਤੀ ਮੈਡਲਾਂ ਦੀ ਵੰਡ

ਸਮਾਗਮ ਮੌਕੇ ਆ ਰਾਜਦੂਤ ਸ.ਤਰਨਜੀਤ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਸਿਰਫ ਕਿਤਾਬਾਂ ਵਾਲੀ ਪੜ੍ਹਾਈ ਨਹੀਂ ,ਸਗੋਂ ਹੁਨਰ ਵਾਲੀ ਪੜ੍ਹਾਈ ਕਰਨ ਦੀ ਰੋਮਾਂਚਿਕ ਸਿੱਖਿਆ ਦਿੱਤੀ। ਉਹਨਾਂ ਨੇ ਕਿਹਾ ਕਿ ਦਸ਼ਮੇਸ਼ ਪਿਤਾ ਦੀ ਅਦੁੱਤੀ ਸ਼ਹਾਦਤ ਕਾਰਨ ਹੀ ਅਸੀਂ ਅੱਜ ਸਿੱਖੀ ਸਰੂਪ ਚ ਸਜੇ ਬੈਠੇ ਹਾਂ। ਸਮਾਗਮ ਦੇ ਚੌਥੇ ਦਿਨ 'ਚ ਸੰਸਥਾਵਾਂ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਅਤੇ ਮੈਨੇਜਰ ਸ.ਹਰਸ਼ਦੀਪ ਸਿੰਘ ਰੰਧਾਵਾ ਨੇ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸ: ਗੁਰਕੀਰਤ ਸਿੰਘ ਢਿੱਲੋ ,ਸ: ਕੁਲਵੰਤ ਸਿੰਘ ਕੁਹਾੜ, ਸ: ਕੁਲਬੀਰ ਸਿੰਘ ਮਾਨ, ਸ: ਸੁਰਜੀਤ ਸਿੰਘ ਕੁਹਾੜ, ਸ: ਤੇਜਵੀਰ ਸਿੰਘ ਸੋਹਲ, ਸ: ਗੁਰਦੀਪ ਸਿੰਘ ਜਲਾਲ ਉਸਮਾ, ਸ਼੍ਰੀ. ਜਤਿੰਦਰ ਕੁਮਾਰ ਸ਼ਰਮਾ ਸ: ਸੁਖਮਪਾਲ ਸਿੰਘ ਬੱਲ, ਕੈਪਟਨ ਜਤਿੰਦਰ ਸਿੰਘ, ਸ: ਜਤਿੰਦਰ ਪਾਲ ਸਿੰਘ, ਸ: ਅਮਨਪਾਲ ਸਿੰਘ, ਮੈ.ਮਨਜੀਤ ਕੌਰ ਪੱਡਾ,ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



### ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਤਲਵੰਡੀ ਸਾਬੋ ਦੀ

# 12ਵੀਂ ਸਾਲਾਨਾ ਐਥਲੈਟਿਕਸ ਮੀਟ ਹੋਈ ਸੰਪੰਨ



**ਤਲਵੰਡੀ ਸਾਬੋ, 15 ਦਸੰਬਰ (ਗੁਰਜੰਟ ਸਿੰਘ ਨਥੇਹਾ)-** ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ, ਤਲਵੰਡੀ ਸਾਬੋ ਵਿਖੇ 12ਵੀਂ ਸਾਲਾਨਾ ਐਥਲੈਟਿਕਸ ਮੀਟ ਬਹੁਤ ਹੀ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਕਰਵਾਈ ਗਈ। ਐਥਲੈਟਿਕਸ ਮੀਟ ਦੇ ਉਦਘਾਟਨੀ ਸਮਾਰੋਹ ਵਿੱਚ ਪ੍ਰਿੰਸੀਪਲ ਬਿਕਰਮਜੀਤ ਸਿੰਘ ਅਤੇ ਸਕੂਲ ਕਮੇਟੀ ਦੇ ਮੈਂਬਰਾਂ ਨੇ ਹਾਜ਼ਰੀ ਭਰੀ। ਸਕੂਲ ਦੇ ਚਾਰ ਹਾਊਸਾਂ ਦਰਮਿਆਨ ਐਥਲੈਟਿਕਸ ਅਤੇ ਰੱਸਾਕਸ਼ੀ ਦੇ ਮੁਕਾਬਲੇ ਕਰਵਾਏ ਗਏ। ਸਖ਼ਤ ਮੁਕਾਬਲੇ ਤੋਂ ਬਾਅਦ ਸਕੂਲ ਦੇ ਦੂਸਰੇ ਹਾਊਸ ਨੇ 84 ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕਰਕੇ ਓਵਰਆਲ ਟਰਾਫੀ ਜਿੱਤੀ। ਦੂਜੇ ਸਥਾਨ 'ਤੇ ਪਹਿਲਾ ਅਤੇ ਤੀਸਰਾ ਹਾਊਸ 54-54 ਅੰਕਾਂ ਨਾਲ ਸਾਂਝੇ ਤੌਰ 'ਤੇ ਬਰਾਬਰ ਰਹੇ, ਜਦੋਂ ਕਿ ਸਕੂਲ ਦਾ ਚੌਥਾ ਹਾਊਸ 49 ਅੰਕ ਪ੍ਰਾਪਤ ਕਰਕੇ ਤੀਜੇ ਨੰਬਰ 'ਤੇ ਰਿਹਾ। ਖੇਡਾਂ ਦੇ ਨਾਲ-ਨਾਲ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਪਵਨਦੀਪ ਸਿੰਘ ਅਤੇ ਹਰਿੰਦਰ ਸਿੰਘ ਨੇ ਭੰਗੜੇ ਜਦ ਕਿ ਸਰਬਜੀਤ ਸਿੱਧੂ ਅਤੇ ਪੁਸ਼ਿਪੰਦਰ ਕੌਰ ਨੇ ਗਿੱਧੇ ਦੀ ਤਿਆਰੀ ਕਰਵਾਈ। ਅਮਨਦੀਪ ਕੌਰ, ਕਿਰਨ ਰਾਣੀ, ਗੁਰਜੀਤ ਕੌਰ, ਪਰਮਜੀਤ ਕੌਰ ਅਤੇ ਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਕੋਰੀਓਗ੍ਰਾਫੀ ਦੀ ਤਿਆਰੀ ਕਰਵਾਈ। ਵੱਖ-ਵੱਖ ਖੇਡ ਈਵੈਂਟਾਂ ਅਤੇ ਰੱਸਾ ਕੱਸੀ ਦੇ ਮੁਕਾਬਲੇ ਡੀ.ਪੀ.ਈ. ਹਰਪਾਲ ਸਿੰਘ, ਜਸਵਿੰਦਰ ਕੌਰ, ਰਾਜਪਾਲ ਕੌਰ, ਅਰੁਣ ਦੀਪ, ਰਣਜੀਤ ਕੌਰ, ਗਗਨਦੀਪ ਸਿੰਘ, ਕਰਮਜੀਤ ਸਿੰਘ, ਹਰਦੀਪ ਗਿੱਲ ਅਤੇ ਗੁਰਸੰਦੀਪ ਸ਼ਰਮਾ ਨੇ ਬਾਖ਼ੂਬੀ ਸੰਭਾਲੇ। ਸਟੇਜ ਦੀਆਂ ਜ਼ਿੰਮੇਵਾਰੀਆਂ ਜਸਵੀਰ ਕੌਰ ਅਤੇ ਸਤਨਾਮ ਸਿੰਘ ਨੇ ਨਿਭਾਈਆਂ। ਸਮਾਗਮ ਦੇ ਅਖੀਰ ਵਿੱਚ ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਾਲ ਬਿਕਰਮਜੀਤ ਸਿੰਘ ਨੇ ਸਾਰੇ ਖਿਡਾਰੀਆਂ, ਅਧਿਆਪਕਾਂ ਅਤੇ ਪ੍ਰਬੰਧਕੀ ਟੀਮ ਦਾ ਧੰਨਵਾਦ ਕਰਦੇ ਹੋਏ, ਅੱਗੇ ਵੀ ਇਸੇ ਤਰ੍ਹਾਂ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਧਾਨ ਛੋਟਾ ਸਿੰਘ, ਉਪ ਪ੍ਰਧਾਨ ਭੁਪਿੰਦਰ ਸਿੰਘ ਜੱਸਲ, ਮੈਨੇਜਰ ਰਣਜੀਤ ਸਿੰਘ ਮਲਕਾਣਾ, ਸਕੱਤਰ ਜਸਵਿੰਦਰ ਸਿੰਘ, ਵਿਦਿਅਕ ਸਲਾਹਕਾਰ ਰੂਪ ਸਿੰਘ ਅਤੇ ਮੈਂਬਰ ਜਸਵੀਰ ਸਿੰਘ ਤੇ ਸੁਰਜੀਤ ਸਿੰਘ ਭੰਮ ਸਮੇਤ ਸਮੁੱਚੀ ਕਮੇਟੀ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਸਕੂਲ ਕਮੇਟੀ ਦੇ ਅਹੁਦੇਦਾਰਾਂ ਅਤੇ ਖਾਲਸਾ ਸਕੂਲ ਲੜਕੀਆਂ ਦੇ ਪ੍ਰਿੰਸੀਪਲ ਮੈਡਮ ਗੁਰਮੀਤ ਕੌਰ ਅਤੇ ਸਮੂਹ ਸਟਾਫ ਨੇ ਖਾਸ ਤੌਰ 'ਤੇ ਸ਼ਿਰਕਤ ਕੀਤੀ।

### ਬਾਦਲ ਪਰਿਵਾਰ ਤੇ ਕਾਂਗਰਸ ਦੇ ਰਾਜ ਵਿਚ

# ਸਿੱਖ ਧਰਮ ਦੇ ਪ੍ਰਚਾਰ ਨੂੰ ਖਤਰਾ : ਬੰਡਾਲਾ



**ਫ਼ਿਰੋਜ਼ਪੁਰ, 15 ਦਸੰਬਰ (ਮਨੋਹਰ ਲਾਲ) :—** ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਪੰਥ ਨੂੰ ਸੁਚੇਤ ਕੀਤਾ ਯਾਦ ਕਰੋ, ਉਹ ਦਿਨ ਜਦੋਂ ਸਿਰੀ ਮੰਜੀ ਸਾਹਿਬ ਸ਼੍ਰੋਮਣੀ ਅਕਾਲੀ ਦਲ ਦੇ ਅਹੁਦੇਦਾਰ ਨੇ ਵੰਗਾਰ ਕੇ ਕਿਹਾ ਸੀ ਸੰਤ ਜਰਨੈਲ ਸਿੰਘ ਜੀ ਨੂੰ ਤੂੰ ਪੰਜਾਬ ਵਿਚ ਨਕਲੀ ਦੇਹਧਾਰੀ ਨਿਰੰਕਾਰੀਆਂ ਦੇ ਸਮਾਗਮ ਬੰਦ ਕਰਾਉਣ ਲਈ ਦਾਅਵੇਦਾਰ ਹੈ ਪਰ ਅਸੀਂ ਨਕਲੀ ਦੇਹਧਾਰੀਆਂ ਨੂੰ ਅਮ੍ਰਿੰਤਸਰ ਵਿਚ ਵੀ ਵਿਸਾਵਾਗੇ ਇਹ ਘਟਨਾ ਮਾਮੂਲੀ ਨਹੀਂ ਇਹ ਬਾਦਲ ਪਰਿਵਾਰ ਦੀ ਸਿੱਖ ਧਰਮ ਦੀ ਚੜਤ ਨੂੰ ਠੱਲ ਪਾਉਣ ਦੀ ਨੀਅਤ ਸੀ ਜੋ ਇਨ੍ਹਾਂ ਦੇ ਰਾਜ ਵਿਚ ਪੂਰੇ ਜੋਰ ਨਕਲੀ ਦੇਹਧਾਰੀਆਂ ਦੀ ਲਹਿਰ ਚਲੀ ਸ਼੍ਰੋਮਣੀ ਕਮੇਟੀ ਦੇ ਬਜਟ ਵਿਚੋ ਨਕਲੀ ਦੇਹਧਾਰੀਆਂ ਦੇ ਪੰਜਾਬ ਵਿਚ ਪੈਰ ਪੈ ਕੇ ਕਰਨ ਲਈ ਕਰੋੜਾਂ ਰੂਪੈ ਖਰਚੇ ਕੀਤੇ ਗਏ, ਸੈਕੜੇ ਪੱਕੀ ਰਹਿਤ ਨਿਤਨੇਮੀ ਗੁਰਸਿੱਖ ਗੋਲੀਆਂ ਨਾਲ ਭੁੰਨ ਦਿੱਤੇ ਕੀ ਐਸੇ ਲੋਕਾਂ ਦਾ ਪਰਲੋਕ ਵਿਚ ਕੌਣ ਭਲਾ ਕਰੇਗਾ, ਕਈ ਕਮੇਟੀ ਮੈਂਬਰ ਸ਼ਰਾਬਾਂ ਪੀਂਦੇ ਗੋਲਕਾਂ ਵਰਤਦੇ ਉਹ ਖੁਦ ਦੇਹਧਾਰੀਆਂ ਦੇ ਸਮਾਗਮ ਕਰਾਉਂਦੇ ਲੋਕਾਂ ਨੂੰ ਆਟਾ—ਦਾਲ ਦਾ ਲਾਲਚ ਦੇ ਕੇ ਵੋਟਾਂ ਲੈ ਕੇ ਸਿੱਖ ਧਰਮ ਤੇ ਗੋਲੀਆਂ ਚਲਾਈਆਂ ਜਾਦੀਆਂ ਹਨ ਕਾਂਗਰਸ ਤੇ ਅਕਾਲੀ ਦਲ ਵਿੱਚ ਸਿੱਖ ਧਰਮ ਦੀ ਤਬਾਹੀ ਕਰਨ ਵਿਚ ਪੂਰਨ ਮਿਲ ਵਰਤਣ ਹੈ। ਜਥੇਦਾਰ ਬੰਡਾਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਤੇ ਅਕਾਲੀ ਦਲ ਦੇ ਮਤਿਆਂ ਤੇ ਇਦੰਰਾ ਗਾਂਧੀ ਨੇ ਸਿਰੀ ਦਰਬਾਰ ਸਾਹਿਬ ਤੇ ਤੋਪਾਂ, ਟੈਂਕਾਂ ਨਾਲ ਹਮਲਾ ਕਰਨ ਦਾ ਫੈਸਲਾ ਲਿਆ, ਕਾਂਗਰਸ ਭਾਜਪਾ ਦੀ ਨੀਤੀ ਹੈ ਸਿੱਖ ਧਰਮ ਨੂੰ ਖੁਸਰਿਆਂ ਦਾ ਰੂਪ ਦਿੱਤਾ ਜਾਵੇ ਲਾਹਨਤ ਉਨ੍ਹਾਂ ਅਖੌਤੀ ਸੰਤਾਂ ਸਾਧਾਂ ਨੂੰ ਜੋ ਰੱਬ ਦੀ ਬੰਦਗੀ ਸਿਧਾਂਤ ਛੱਡ ਕੇ ਸਿਆਸੀ ਲੀਡਰ ਕਾਂਗਰਸ ਭਾਜਪਾ ਦੀ ਰਨ ਬਣ ਕੇ ਕੌਮ ਨੂੰ ਗੁਮਰਾਹ ਕਰਦੇ ਹਨ। ਜਥੇਦਾਰ ਬੰਡਾਲਾ ਨੇ ਕਿਹਾ ਕਿ ਦਮਦਮੀ ਟਕਸਾਲ ਦੇ ਹੈਡਕੁਆਟਰ ਤੇ ਵੀ ਕਬਜਾ ਕਰ ਲਿਆ, ਟਕਸਾਲ ਖਤਮ ਨਹੀਂ ਹੋ ਸਕਦੀ ਹਜ਼ਾਰਾਂ ਟਕਸਾਲ ਦੇ ਕੱਟੜ ਗੁਰਸਿੱਖ ਸਮੇਂ ਦੀ ਉਡੀਕ ਵਿੱਚ ਹਨ ਉਥੋ ਗੁਰਸਿੱਖ ਨੂੰ ਧਮਕੀਆਂ ਆਉਦੀਆਂ ਤੁਸੀਂ ਸੱਚ ਕਿਉਂ ਬੋਲਦੇ ਹੋ ਟਕਸਾਲ ਤੇ ਪੰਥ ਨੂੰ ਰੱਬ ਜਿਨ੍ਹਾਂ ਭਰੋਸਾ ਹੈ ਅੱਜ ਟਕਸਾਲ ਨੂੰ ਤਲਬ ਕਰਨ ਦਾ ਪ੍ਰਚਾਰ ਹੋ ਰਿਹਾ ਜੋ ਪਿੱਛੇ ਜਥੇਬੰਦੀਆਂ ਖਾਲਿਸਤਾਨ ਦੇ ਨਾਂ ਤੇ ਪੰਜਾਬ ਦੀ ਸਤਾ ਲਈ ਤਰਲੋਮੱਛੀ ਹਨ ਓਨ੍ਹਾਂ ਦੇ ਰੰਗ ਵੇਖ ਲਉ ਦਿਲੀ ਦੇ ਲੀਡਰਾਂ ਨੂੰ ਖੁਸ਼ ਕਰਨ ਲਈ ਸਤਾ ਕਾਇਮ ਰਖਨ ਲਈ ਗੁਰਸਿੱਖ ਤੇ ਮਨਚਾਹੇ ਜਾਲਮ ਕਰਨਗੀਆਂ ਪੰਥ ਦਾ ਭਲਾ ਹੈ ਲਾਲ ਕਿਲੇ ਤੇ ਖਾਲਸੇ ਦਾ ਨਿਸ਼ਾਨ ਸਾਹਿਬ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦਵਿੰਦਰ ਸਿੰਘ ਸਾਹਨੀ ਵਲੋਂ ਮਹਿਲਾਵਾ ਲਈ ਪ੍ਰੇਰਨਾ ਐਨਜੀਓ ਦਾ ਹੋਇਆ ਆਗਾਜ ਅਤੇ ਤਰੁਨੀ ਰਸਾਲਾ ਹੋਇਆ ਆਰੰਭ







**ਨਵੀਂ ਦਿੱਲੀ 15 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਦੇ ਪਛਿਚਿਮ ਵਿਹਾਰ ਇਲਾਕੇ ਵਿਖ਼ੇ ਰੇਡੀਸਨ ਬਲੂ ਐਪਲ ਗੋਲ੍ਡ ਵਿਖ਼ੇ ਸਿਟੀ ਐਡ ਫਾਉਂਡੇਸ਼ਨ ਵਲੋਂ ਮਹਿਲਾਵਾ ਦੀ ਸ਼ਕਤੀ ਨੂੰ ਨਮਸਕਾਰ ਕਰਦਿਆਂ ਉਨ੍ਹਾਂ ਲਈ "ਪ੍ਰੇਰਨਾ ਐਨਜੀਓ" ਦਾ ਆਗਾਜ ਕੀਤਾ ਗਿਆ। ਕਰਵਾਏ ਗਏ ਪ੍ਰੋਗਰਾਮ ਵਿਚ ਵਡੀ ਗਿਣਤੀ ਅੰਦਰ ਮਹਿਲਾਵਾ ਨੇ ਸ਼ਮੂਲੀਅਤ ਕਰਕੇ ਪ੍ਰਬੰਧਕਾਂ ਦਾ ਹੌਸਲਾ ਵਧਾਇਆ ਸੀ। ਇਸ ਮੌਕੇ ਮੁੱਖ ਪ੍ਰਬੰਧਕ ਸਰਦਾਰ ਦਵਿੰਦਰ ਸਿੰਘ ਸਾਹਨੀ ਜੋ ਕਿ ਸਿਟੀ ਐਡ ਫਾਉਂਡੇਸ਼ਨ ਵੀਂ ਚਲਾ ਰਹੇ ਹਨ, ਨੇ ਕਿਹਾ ਕਿ ਅੱਜ ਦੇਸ਼ ਦੇ ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਮਹਿਲਾਵਾ ਜੋ ਕਿ ਇਸ ਸਮੇਂ ਵੱਖ ਵੱਖ ਖੇਤਰ ਵਿਚ ਆਪਣੀ ਸ਼ਮੂਲੀਅਤ ਕਰਕੇ ਆਪਣਾ ਨਾਮ ਰੋਸ਼ਨ ਕਰ ਰਹੀਆਂ ਹਨ ਉਨ੍ਹਾਂ ਲਈ ਇਕ ਸੰਸਥਾ ਦੀ ਬਹੁਤ ਜਰੂਰਤ ਸੀ ਜੋ ਉਨ੍ਹਾਂ ਦੀ ਹੋਂਸਲਾਫਜਾਈ ਕਰ ਸਕੇ ਅਤੇ ਉਨ੍ਹਾਂ ਦੇ ਹੁਨਰ ਨੂੰ ਦੁਨੀਆਂ ਸਾਹਮਣੇ ਰੱਖ ਸਕੇ। ਉਨ੍ਹਾਂ ਕਿਹਾ ਕਿ ਇਸ ਮੌਕੇ ਅਸੀਂ ਇਕ ਰਸਾਲਾ ਤਰੁਨੀ ਨੂੰ ਲਾਂਚ ਕਰ ਰਹੇ ਹਾਂ ਜਿਸ ਵਿਚ ਦਸ ਬਾਰਾਂ ਮਹਿਲਾਵਾ ਦਾ ਜਿਕਰ ਹੋਵੇਗਾ ਜਿਨ੍ਹਾਂ ਨੂੰ ਪੜ ਕੇ ਹੋਰ ਮਹਿਲਾਵਾ ਉਨ੍ਹਾਂ ਕੋਲੋਂ ਸਿੱਖ ਕੇ ਆਪੋ ਆਪਣੇ ਖੇਤਰ ਵਿਚ ਅੱਗੇ ਆ ਸਕਣ ਤੇ ਇਸ ਰਸਾਲੇ ਨੂੰ ਦਿੱਲੀ ਦੇ ਕੈਬਿਨੇਟ ਮੰਤਰੀ ਆਸ਼ਿਸ਼ ਸੂਦ ਪ੍ਰੋਗਰਾਮ ਵਿਚ ਲਾਂਚ ਕਰਣਗੇ। ਬੀਬੀ ਰਣਜੀਤ ਕੌਰ ਨੇ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਪ੍ਰਬੰਧਕਾਂ ਨੂੰ ਹਰ ਪੱਖੋਂ ਸਾਥ ਦੇਣ ਦਾ ਭਰੋਸਾ ਦਿਵਾਇਆ। ਪ੍ਰੋਗਰਾਮ ਵਿਚ ਉਚੇਚੇ ਤੌਰ ਤੇ ਪਹੁੰਚੇ ਦਿੱਲੀ ਦੇ ਕੈਬਿਨਟ ਮੰਤਰੀ ਆਸ਼ਿਸ਼ ਸੂਦ, ਦਿੱਲੀ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਐਮ ਪੀ ਐਸ ਚੱਢਾ, ਵਕੀਲ ਬੀਬੀ ਰਵਿੰਦਰ ਕੌਰ ਬਤਰਾ, ਜਨਰਲ ਬਲਬੀਰ ਸਿੰਘ ਸੰਧੂ ਸਮੇਤ ਬਹੁਤ ਸਾਰੀ ਸ਼ਖਸ਼ੀਅਤਾਂ ਨੇ ਹਾਜ਼ਿਰੀ ਭਰ ਕੇ ਆਪਣੇ ਵਿਚਾਰ ਰੱਖੇ ਸਨ ਉਪਰੰਤ ਪ੍ਰਬੰਧਕਾਂ ਵਲੋਂ ਸਭ ਨੂੰ ਜੀ ਆਇਆ ਆਖਦਿਆਂ ਸਨਮਾਨਿਤ ਕੀਤਾ ਗਿਆ ਸੀ। ਇਸ ਮੌਕੇ ਕੁਝ ਮਹਿਲਾਵਾ ਵਲੋਂ ਆਪਣੀ ਕਾਰੀਗਰੀ ਦੇ ਸਟਾਲ ਲਗਾਏ ਗਏ ਸਨ ਜੋ ਹਾਜਿਰੀਨ ਨੂੰ ਆਪਣੇ ਵਲ ਖਿੱਚ ਰਹੇ ਸਨ। ਪ੍ਰੋਗਰਾਮ ਦੀ ਸਮਾਪਤੀ ਤੇ ਪ੍ਰਬੰਧਕਾਂ ਵਲੋਂ ਸਭ ਦਾ ਧੰਨਵਾਦ ਕੀਤਾ ਗਿਆ।

# ਸਿਵਲ ਹਸਪਤਾਲ ਤਲਵੰਡੀ ਸਾਬੋ 'ਚ ਮਾਰਚ 2025 ਤੋਂ ਹੁਣ ਤੱਕ ਹੋਈ ਅਦਭੁੱਤ ਤਰੱਕੀ



ਪੰਜਾਬ ਸਰਕਾਰ ਦੇ ਹੁਕਮਾਂ ਨਾਲ ਮਾਰਚ 2025 ਤੋਂ ਨਿਯੁਕਤ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀਕਾਂਤ ਗੁਪਤਾ ਅਤੇ ਉਨ੍ਹਾਂ ਦੀ ਪ੍ਰਬੰਧਕੀ ਟੀਮ ਦੇ ਅਣਥੱਕ ਯਤਨਾਂ ਸਦਕਾ ਪਿਛਲੇ 10 ਮਹੀਨਿਆਂ ਦੌਰਾਨ ਸਬ ਡਵੀਜਨਲ ਹਸਪਤਾਲ ਤਲਵੰਡੀ ਸਾਬੋ ਵਿੱਚ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਦਰਜ ਕੀਤਾ ਗਿਆ ਹੈ। ਮਾਰਚ 2025 ਤੋਂ ਸ਼ੁਰੂ ਹੋਏ ਇਸ ਵਿਕਾਸ ਅਭਿਆਨ ਦੇ ਸਫਲ ਨਤੀਜੇ ਅੱਜ ਤੱਕ ਸਾਰੇ ਇਲਾਕੇ ਦੇ ਨਿਵਾਸੀਆਂ ਨੂੰ ਸਪੱਸ਼ਟ ਤੌਰ 'ਤੇ ਮਹਿਸੂਸ ਹੋ ਰਹੇ ਹਨ। ਹਸਪਤਾਲ ਵਿੱਚ ਬਹੁਤ ਸਾਰੀਆਂ ਸੁਧਾਰਕ ਸਕੀਮਾਂ ਦੇ ਨਾਲ-ਨਾਲ ਢਾਂਚਾਗਤ ਵਿਕਾਸ ਵੀ ਕੀਤਾ ਗਿਆ ਹੈ। ਇਮਾਰਤਾਂ ਦੀ ਸੰਭਾਲ, ਵਾਧੂ ਕਮਰਿਆਂ ਦੀ ਤਿਆਰੀ ਅਤੇ ਸਫਾਈ ਪ੍ਰਣਾਲੀ ਵਿੱਚ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ ਜਿਸ ਨਾਲ ਹਸਪਤਾਲ ਦਾ ਸਾਰਾ ਮਾਹੌਲ ਹੋਰ ਸਾਫ਼ ਅਤੇ ਆਰਾਮਦਾਇਕ ਬਣ ਗਿਆ ਹੈ। ਦਵਾਈਆਂ ਦੀ ਉਪਲੱਬਧਤਾ ਦੇ ਮਾਮਲੇ ਵਿੱਚ ਹੁਣ 400 ਤੋਂ ਵੱਧ ਕਿਸਮਾਂ ਦੀਆਂ ਜਰੂਰੀ ਦਵਾਈਆਂ ਨਿਰੰਤਰ ਮਿਲ ਰਹੀਆਂ ਹਨ। ਐਮਰਜੈਂਸੀ ਸੇਵਾਵਾਂ ਵਿੱਚ ਵੀ ਵੱਡਾ ਸੁਧਾਰ ਆਇਆ ਹੈ। ਆਧੁਨਿਕ ਸਾਮਾਨ ਅਤੇ ਸਟਾਫ਼ ਦੇ ਨਾਲ ਰੋਜ਼ਾਨਾ ਮਰੀਜ਼ਾਂ ਨੂੰ ਤੇਜ਼ ਤੇ ਪ੍ਰਭਾਵਸ਼ਾਲੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਮਿਆਦ ਦੌਰਾਨ ਮਨੁੱਖੀ ਸਰੋਤਾਂ ਵਿੱਚ ਭਾਰੀ ਵਿਕਾਸ ਹੋਇਆ ਹੈ। ਡਾਕਟਰਾਂ, ਨਰਸਾਂ ਅਤੇ ਹੋਰ ਸਿਹਤ ਸਟਾਫ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ, ਜਿਸ ਨਾਲ ਸੇਵਾਵਾਂ ਦੀ ਕੁਸ਼ਲਤਾ ਵਿੱਚ ਵੀ ਵਾਧਾ ਆਇਆ ਹੈ। ਵੱਖ-ਵੱਖ ਸਮਾਜਿਕ ਅਤੇ ਗੈਰ-ਸਰਕਾਰੀ ਸੰਗਠਨਾਂ ਵੱਲੋਂ ਵੀ ਹਸਪਤਾਲ ਦੇ ਵਿਕਾਸ ਪ੍ਰਤੀ ਸਰਾਹਣਾ ਪ੍ਰਗਟ ਕੀਤੀ ਗਈ ਹੈ। ਲਾਇਨਜ਼ ਕਲੱਬ, ਰਾਮਾ ਸੰਸਥਾ, ਨਿਹੰਗ ਆਰਗੇਨਾਈਜੇਸ਼ਨ 96ਵੇਂ ਕ੍ਰੋੜੀ ਆਦਿ ਨੇ ਆਪਣੇ ਕੀਮਤੀ ਸਹਿਯੋਗ ਤੇ ਯੋਗਦਾਨ ਨਾਲ ਇਸ ਵਿਕਾਸ ਯਤਨ ਨੂੰ ਹੋਰ ਮਜ਼ਬੂਤ ਕੀਤਾ ਹੈ। ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੀ ਪ੍ਰਬੰਧਕੀ ਟੀਮ ਨੇ ਯਕੀਨ ਦਿਵਾਇਆ ਹੈ ਕਿ ਇਹ ਵਿਕਾਸ ਯਤਨ ਅਗਲੇ ਮਹੀਨਿਆਂ ਵਿੱਚ ਹੋਰ ਤੇਜ਼ੀ ਨਾਲ ਜਾਰੀ ਰਹੇਗਾ ਤਾਂ ਜੋ ਹਰ ਇਕ ਮਰੀਜ਼ ਨੂੰ ਬਿਹਤਰ ਸਿਹਤ ਸੇਵਾ ਮਿਲ ਸਕੇ।

**-ਗੁਰਜੰਟ ਸਿੰਘ ਨਥੇਹਾ, ਪਿੰਡ ਨਥੇਹਾ (ਤਲਵੰਡੀ ਸਾਬੋ), ਸੰਪਰਕ: +918968727272**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਅੰਮ੍ਰਿਤ ਸੰਚਾਰ

## 27 ਦਸੰਬਰ 2025

ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪਰਿਵਾਰ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਹੋਵੇਗਾ

ਸ਼ਨਿੱਚਰਵਾਰ 27 ਦਸੰਬਰ ਬਾਅਦ ਦੁਪਹਿਰ 2 ਵਜੇ ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ।



ਕੱਕਾਰਾ ਦੀ ਸੇਵਾ ਗੁਰਦੁਆਰਾ ਸਾਹਿਬ ਜੀ ਵੱਲੋਂ ਭੇਟਾਂ ਰਹਿਤ ਦਿੱਤੇ ਜਾਣਗੇ।

ਅੰਮ੍ਰਿਤ ਛਕਣ ਵਾਲੀ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ 2 ਘੰਟੇ ਪਹਿਲਾਂ 12 ਵਜੇ ਪਹੁੰਚਣ ਦੀ ਕਿਰਪਾਲਤਾ ਕਰਨੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਗੁਰਦੁਆਰਾ ਜਨਮ ਅਸਥਾਨ ਪਿੰਡ ਰੋਡੇ ਵਿਖੇ

# ਪੋਹ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜ੍ਹਾ ਮਨਾਇਆ ਗਿਆ

## ਅਖੰਡ ਪਾਠ ਸਾਹਿਬ ਦੀ ਸੇਵਾ ਸਮੇਤ ਜੁਪਜੀ ਸਾਹਿਬ ਇੰਗਲੈਂਡ ਨਿਵਾਸੀ ਬੀਬੀ ਸਰਬਜੀਤ ਕੌਰ ਦੇ ਪਰਿਵਾਰ ਵੱਲੋਂ ਕਰਵਾਈ ਗਈ

















**ਪਿੰਡ ਰੋਡੇ (ਮੋਗਾ), 15 ਦਸੰਬਰ (ਆਵਾਜ਼ਿ ਕੌਮ ਬਿਊਰੋ/ਗੁਰਪ੍ਰੀਤ ਸਿੰਘ)**-ਹਰ ਮਹੀਨੇ ਦੀ ਤਰ੍ਹਾਂ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਪਵਿੱਤਰ ਪੋਹ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ ਅਤੇ ਗੁਰੂ ਘਰ ਦੇ ਕੀਰਤਨੀ ਜੱਥੇ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਉਪਰੰਤ ਗੁਰਦੁਆਰਾ ਸਾਹਿਬ ਦੇ ਵਿਦਿਆਰਥੀ ਭਾਈ ਅਵਤਾਰ ਸਿੰਘ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ। ਸਮਾਪਤੀ ਉਪਰੰਤ ਅਰਦਾਸ ਬੇਨਤੀ ਕੀਤੀ ਗਈ, ਇਸ ਅਖੰਡ ਪਾਠ ਸਾਹਿਬ ਦੀ ਸੇਵਾ ਸਮੇਤ ਜੁਪਜੀ ਸਾਹਿਬ ਇੰਗਲੈਂਡ ਨਿਵਾਸੀ ਬੀਬੀ ਸਰਬਜੀਤ ਕੌਰ ਦੇ ਪਰਿਵਾਰ ਵੱਲੋਂ ਕਰਵਾਈ ਗਈ। ਅਤੇ ਅੱਜ ਦਾ ਲਾਈਵ ਪ੍ਰੋਗਰਾਮ ਵੀ ਸੰਪੌਸਰ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਵਿਦਿਆਰਥੀ ਅਤੇ ਸੰਗਤਾਂ ਵੱਲੋਂ ਤਨ ਮਨ ਧਨ ਨਾਲ ਸੇਵਾਵਾਂ ਨਿਭਾਈਆਂ ਗਈਆਂ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਛੋਟੇ ਸਾਹਿਬਜਾਦੇ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ

# ਅੰਨਿਨ ਸਿੱਖਾਂ ਦੀ ਸ਼ਹਾਦਤ ਨੂੰ ਸਮਰਪਿਤ ਸੰਗਤੀ ਪਾਠ ਦੇ ਪਾਏ ਗਏ ਭੋਗ



**ਨਵੀਂ ਦਿੱਲੀ 15 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):-** ਗੁਰਦੁਆਰਾ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੇਲ੍ਹ ਰੋੜ ਫਤਹਿ ਨਹਿਰ ਵਿਖ਼ੇ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅੰਨਿਨ ਸਿੱਖ ਭਾਈ ਸਤੀਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾਂ ਸ਼ਹਾਦਤ ਨੂੰ ਸਮਰਪਿਤ ਰੱਖੇ ਗਏ ਸੰਗਤੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਬਾਰੇ ਜਾਣਕਾਰੀ ਦੇਂਦਿਆ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਪ੍ਰੀਤਮ ਸਿੰਘ ਚੱਕਪਖੀ ਨੇ ਦਸਿਆ ਕਿ ਬੀਤੀ 3 ਅਪ੍ਰੈਲ ਨੂੰ ਇਹ ਅਖੰਡ ਪਾਠ ਸਾਹਿਬ ਰੱਖੇ ਗਏ ਸਨ ਤੇ ਇੰਨ੍ਹਾ ਵਿਚ ਸੌ ਦੇ ਕਰੀਬ ਸੰਗਤ ਹਰ ਰੋਜ ਹਾਜ਼ਿਰੀ ਭਰਦੀ ਸੀ ਤੇ ਘਰਾਂ ਵਿਚ ਪਾਠ ਕਰ ਰਹੀਆਂ ਸੰਗਤਾਂ ਵੱਖਰੀਆਂ ਸਨ, ਜਿਨ੍ਹਾਂ ਦੀ ਸਮਾਪਤੀ ਅੱਜ ਗੁਰਦੁਆਰਾ ਸਾਹਿਬ ਵਿਖ਼ੇ ਹੋਈ ਹੈ। ਉਨ੍ਹਾਂ ਦਸਿਆ ਕਿ ਗੁਰਦੁਆਰਾ ਸਾਹਿਬ ਵਿਖ਼ੇ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਾਲਾਨਾ ਸਫ਼ਰ-ਏ-ਸ਼ਹਾਦਤ ਦੇ ਦੀਵਾਨ 22 ਦਸੰਬਰ ਤੋਂ ਸੱਜਣੇ ਸ਼ੁਰੂ ਹੋ ਜਾਣਗੇ ਜੋ ਕਿ 28 ਦਸੰਬਰ ਤਕ ਚਲਣਗੇ। ਭਾਈ ਚੱਕਪਖੀ ਨੇ ਦਸਿਆ ਇੰਨ੍ਹਾ ਦੀਵਾਨਾਂ ਵਿਚ ਭਾਈ ਸ਼ੁਭਦੀਪ ਸਿੰਘ, ਭਾਈ ਭੁਪਿੰਦਰ ਸਿੰਘ, ਭਾਈ ਕਰਨੈਲ ਸਿੰਘ, ਭਾਈ ਉਂਕਾਰ ਸਿੰਘ, ਭਾਈ ਸਿਮਰਨਜੀਤ ਸਿੰਘ, ਭਾਈ ਗੁਰਭੇਜ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸਮੇਤ ਪੰਥ ਪ੍ਰਸਿੱਧ ਰਾਗੀ, ਢਾਡੀ ਜੱਥੇਆਂ ਦੇ ਨਾਲ ਕਥਾਵਾਚਕ ਅਤੇ ਕਵੀਸ਼ਵਰੀ ਹਾਜ਼ਿਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ, ਕਥਾ ਵਿਚਾਰ, ਵਾਰਾਂ, ਕਵਿਤਾਵਾਂ ਨਾਲ ਜੋੜਨਗੇ। ਉਨ੍ਹਾਂ ਦਸਿਆ ਕਿ ਗੁਰਦੁਆਰਾ ਸਾਹਿਬ ਵਿਖ਼ੇ ਸਾਹਿਬਜਾਦਿਆਂ ਦੇ ਸ਼ਹਾਦਤਾਂ ਨੂੰ ਸੰਬੰਧਿਤ ਪ੍ਰੋਗਰਾਮ ਹੋਣ ਕਰਕੇ ਦਸਮ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਜੋ ਕਿ 27 ਦਸੰਬਰ ਨੂੰ ਹੈ, ਜਨਵਰੀ ਵਿਚ ਮਨਾਇਆ ਜਾਏਗਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਸਰਦਾਰ ਮਨਮੋਹਨ ਸਿੰਘ ਨੇ ਸੰਗਤੀ ਪਾਠ ਵਿਚ ਹਿੱਸਾ ਲੈਣ ਵਾਲੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਸਮੂਹ ਸੰਗਤਾਂ ਨੂੰ ਸਫ਼ਰ-ਏ-ਸ਼ਹਾਦਤ ਦੇ ਪ੍ਰੋਗਰਾਮ ਵਿਚ ਵੱਧ ਚੜ੍ਹ ਕੇ ਹਾਜ਼ਿਰੀ ਭਰ ਕੇ ਗੁਰਬਾਣੀ ਨਾਲ ਜੁੜਨ ਦੀ ਅਪੀਲ ਕੀਤੀ।

> ☛ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਦੀਵਾਨ 22 ਤੋਂ 28 ਦਸੰਬਰ ਤਕ
> ☛ ਦਸਮ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ ਜਨਵਰੀ ਵਿਚ ਮਨਾਇਆ ਜਾਏਗਾ

### ਪੰਜਾਬ ਵਿੱਚ ਹੋਏ 324 ਝੂਠੇ ਮੁਕਾਬਲੇ, ਭਾਰਤੀ ਪੁਲਿਸ ਅਧਿਕਾਰੀਆਂ ਅਤੇ ਪਰਿਵਾਰਾਂ ਨੂੰ

# 'ਟ੍ਰੈਵਲ ਬੈਨ' ਦਾ ਕਰਨਾ ਪਵੇਗਾ ਸਾਹਮਣਾ: ਐਸਐਫਜੇ



ਨਵੀਂ ਦਿੱਲੀ 15 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖਸ ਫਾਰ ਜਸਟਿਸ ਨੇ ਧਰਮ ਅਤੇ ਰਾਜਨੀਤਿਕ ਦੇ ਅਧਾਰ 'ਤੇ ਰੈਫਰੈਂਡਮ ਪ੍ਰਚਾਰਕਾਂ ਦੇ ਫਰਜ਼ੀ ਮੁਕਾਬਲਿਆਂ, ਹਿਰਾਸਤੀ ਤਸ਼ੱਦਦ ਅਤੇ ਜ਼ੁਲਮ ਦੇ ਦੋਸ਼ੀ ਭਾਰਤੀ ਪੁਲਿਸ ਅਧਿਕਾਰੀਆਂ ਦੀ ਵਿਦੇਸ਼ ਯਾਤਰਾ ਨੂੰ ਰੋਕਣ ਅਤੇ ਇਨਕਾਰ ਕਰਨ ਲਈ ਇਕ ਤਾਲਮੇਲ ਅੰਤਰਰਾਸ਼ਟਰੀ ਯਾਤਰਾ ਪਾਬੰਦੀ ਅਤੇ ਪਾਬੰਦੀ ਮੁਹਿੰਮ ਦਾ ਐਲਾਨ ਕੀਤਾ ਹੈ। ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪਨੂੰ ਨੇ ਕਿਹਾ ਕਿ ਇਹ ਕਾਰਵਾਈ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਜਨਤਕ ਤੌਰ 'ਤੇ ਐਲਾਨੇ ਗਏ "ਗੋਲੀ ਦੇ ਬਦਲੇ ਗੋਲੀ" ਸਿਧਾਂਤ ਦੀ ਪਾਲਣਾ ਕਰਦੀ ਹੈ, ਜੋ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਧੀਨ ਲਾਗੂ ਕੀਤਾ ਗਿਆ ਸੀ, ਅਤੇ ਡੀਜੀਪੀ ਗੌਰਵ ਯਾਦਵ ਦੇ ਆਪਣੇ ਕਬੂਲਨਾਮੇ ਦੁਆਰਾ ਇਸ ਨੂੰ ਹੋਰ ਮਜ਼ਬੂਤੀ ਮਿਲਦੀ ਹੈ ਕਿ ਪੰਜਾਬ ਪੁਲਿਸ ਨੇ 2022 ਤੋਂ ਲੈ ਕੇ ਹੁਣ ਤੱਕ 324 ਪੁਲਿਸ ਮੁਕਾਬਲੇ ਕੀਤੇ ਹਨ, ਇੱਕ ਅਜਿਹਾ ਅੰਕੜਾ ਜੋ ਮੁਕਾਬਲੇ ਦੀਆਂ ਕਾਰਵਾਈਆਂ ਪਿੱਛੇ ਪੈਮਾਨੇ, ਪੈਟਰਨ ਅਤੇ ਨੀਤੀ-ਪੱਧਰ ਦੇ ਇਰਾਦੇ ਨੂੰ ਸਥਾਪਿਤ ਕਰਦਾ ਹੈ। ਪੰਨੂ ਨੇ ਪੁਸ਼ਟੀ ਕੀਤੀ ਕਿ ਐਸਐਫਜੇ ਡੋਜ਼ੀਅਰ ਜੋ ਭਾਰਤੀ ਪੁਲਿਸ ਅਧਿਕਾਰੀਆਂ ਦੀ ਪਛਾਣ ਕਰਦੇ ਹਨ ਜਿਨ੍ਹਾਂ ਨੇ ਪੰਜਾਬ ਵਿੱਚ ਝੂਠੇ ਮੁਕਾਬਲਿਆਂ ਅਤੇ ਹਿਰਾਸਤੀ ਤਸ਼ੱਦਦ ਦਾ ਆਦੇਸ਼ ਦਿੱਤਾ, ਨਿਗਰਾਨੀ ਕੀਤੀ, ਜਾਂ ਅੰਜਾਮ ਦਿੱਤਾ ਬਾਰੇ ਸੰਯੁਕਤ ਰਾਜ, ਕੈਨੇਡਾ, ਯੂਨਾਈਟਿਡ ਕਿੰਗਡਮ, ਯੂਰਪੀਅਨ ਯੂਨੀਅਨ ਅਤੇ ਆਸਟ੍ਰੇਲੀਆ ਦੇ ਅਧਿਕਾਰੀਆਂ ਨਾਲ ਉਨ੍ਹਾਂ ਦੇ ਵੇਰਵੇ ਸਾਂਝੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਐਸਐਫਜੇ ਦੀਆਂ ਅਰਜ਼ੀਆਂ ਅੰਤਰਰਾਸ਼ਟਰੀ ਮਨੁੱਖੀ ਅਧਿਕਾਰਾਂ ਅਤੇ ਇਮੀਗ੍ਰੇਸ਼ਨ ਲਾਗੂ ਕਰਨ ਵਾਲੇ ਢਾਂਚੇ ਦੇ ਤਹਿਤ ਵੀਜ਼ਾ ਇਨਕਾਰ, ਦਾਖਲੇ 'ਤੇ ਪਾਬੰਦੀ, ਨਿਗਰਾਨੀ ਸੂਚੀ ਅਤੇ ਪਾਬੰਦੀਆਂ ਦੀ ਮੰਗ ਕਰਦੀਆ ਹਨ। ਉਨ੍ਹਾਂ ਕਿਹਾ ਨਵੀਂ ਦਿੱਲੀ ਵਿੱਚ ਤਿਆਰ ਕੀਤੇ ਗਏ ਹੁਕਮ, ਪੰਜਾਬ ਵਿੱਚ ਭਾਰਤੀ ਪੁਲਿਸ ਅਧਿਕਾਰੀਆਂ ਦੁਆਰਾ ਲਾਗੂ ਕੀਤੇ ਗਏ, ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਬਚਾਅ ਕੀਤੇ ਗਏ ਹੁਕਮ ਜ਼ਿੰਮੇਵਾਰੀ ਨੂੰ ਨਹੀਂ ਮਿਟਾਉਂਦੇ। ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਝੂਠੇ ਮੁਕਾਬਲਿਆਂ ਅਤੇ ਹਿਰਾਸਤੀ ਤਸ਼ੱਦਦ ਵਿੱਚ ਸ਼ਾਮਲ ਪੰਜਾਬ ਪੁਲਿਸ ਅਧਿਕਾਰੀਆਂ ਨੂੰ ਅੰਤਰਰਾਸ਼ਟਰੀ ਸਰਹੱਦਾਂ 'ਤੇ ਉਨ੍ਹਾਂ ਵਲੋਂ ਕੀਤੀਆਂ ਗਈਆਂ ਵਧੀਕੀਆਂ ਲਈ ਸਖ਼ਤ ਨਤੀਜੇ ਭੁਗਤਣੇ ਚਾਹੀਦੇ ਹਨ।

> ਸੰਯੁਕਤ ਰਾਜ, ਕੈਨੇਡਾ, ਯੂਨਾਈਟਿਡ ਕਿੰਗਡਮ, ਯੂਰਪੀਅਨ ਯੂਨੀਅਨ ਅਤੇ ਆਸਟ੍ਰੇਲੀਆ ਦੇ ਅਧਿਕਾਰੀਆਂ ਨਾਲ ਸਾਂਝੇ ਕੀਤੇ ਜਾਣਗੇ ਵੇਰਵੇ

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਪੋਹ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



**ਫ਼ਿਰੋਜ਼ਪੁਰ, 15 ਦਸੰਬਰ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਪੋਹ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ। ਇਸ ਵਿਚ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਸਿੰਘ, ਭਾਈ ਬੱਬੂ ਸਿੰਘ, ਭਾਈ ਜੱਸਾ ਸਿੰਘ ਨੇ ਸਾਹਿਬੇ ਕਮਾਲ ਸਰਬੰਸਦਾਨੀ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਬੋਲਦਿਆਂ ਕਿਹਾ ਕਿ ਪੋਹ ਦਾ ਮਹੀਨਾ ਸਿੱਖ ਸ਼ਹਾਦਤਾਂ ਦੀ ਸਿਖਰ ਹੈ, 6 ਪੋਹ ਤੋਂ ਲੈ ਕੇ 13 ਪੋਹ ਤੱਕ ਸਰਬੰਸਦਾਨੀ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਚਾਰ ਸਾਹਿਬਜਾਦੇ, ਮਾਤਾ ਗੁਜਰ ਕੌਰ ਜੀ ਅਤੇ ਅਨੇਕਾਂ ਸ਼ਹੀਦਾਂ ਨੇ ਸ਼ਹੀਦੀਆਂ ਦਿੱਤੀਆਂ। ਇਸ ਲਈ ਸਾਨੂੰ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਲਾਲਾਂ ਅਤੇ ਸਿੱਖ ਕੌਮ ਦੇ ਸ਼ਹੀਦਾਂ ਲਈ ਹਰ ਰੋਜ਼ ਵੱਧ ਤੋਂ ਵੱਧ ਪਾਠ ਕਰਨੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਨੇ ਸੰਗਤਾਂ ਨੂੰ ਪਾਠਾਂ ਦੀਆਂ ਕਾਪੀਆਂ ਦਿੱਤੀਆਂ ਅਤੇ ਕਿਹਾ ਕਿ ਸਾਨੂੰ ਵਾਹਿਗੁਰੂ ਸੁੱਖ ਦੇਵੇ ਤਾਂ ਸਾਨੂੰ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਅਤੇ ਜਦੋਂ ਸਾਡੇ ਤੇ ਦੁੱਖ ਦੀ ਘੜੀ ਆ ਜਾਂਦੀ ਹੈ, ਉਦੋਂ ਅਸੀਂ ਵਾਹਿਗੁਰੂ ਨੂੰ ਯਾਦ ਕਰਦੇ ਹਾਂ, ਪਰ ਲੋੜ ਹੈ ਸਾਨੂੰ ਦੁੱਖ ਅਤੇ ਸੁੱਖ ਨੂੰ ਬਰਾਬਰ ਸਮਝਣਾ ਚਾਹੀਦਾ ਹੈ। ਗੁਰੂ ਸਾਹਿਬ ਦਾਤਾ ਦਾ ਭੰਡਾਰ ਹੈ ਅਤੇ ਜੇਕਰ ਅਸੀਂ ਗੁਰੂ ਸਾਹਿਬ ਜੀ ਨੂੰ ਯਾਦ ਕਰਾਂਗੇ, ਉਹ ਸਾਨੂੰ ਸਾਡੀ ਸਮਰੱਥਾ ਤੋਂ ਵੱਧ ਗੱਫੇ ਦਿੰਦਾ ਹੈ, ਪਰ ਭਰੋਸੇ ਦੀ ਜ਼ਰੂਰਤ ਹੈ। ਸਾਨੂੰ ਨਾਮ ਜਪਣ ਨਾਲ ਸੁੱਖਾਂ ਦੀ ਪ੍ਰਾਪਤੀ ਹੁੰਦੀ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਹਰ ਰੋਜ਼ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ 7:30 ਵਜੇ ਤੋਂ 9 ਵਜੇ ਤੱਕ ਹਰ ਰੋਜ਼ ਸੁਖਮਣੀ ਸਾਹਿਬ ਜੀ ਦੇ ਪਾਠ ਕੀਤੇ ਜਾਣਗੇ, ਜ਼ੋ ਕਿ ਇਕ ਪੋਹ ਤੋਂ ਲੈ ਕੇ 15 ਪੋਹ ਤੱਕ ਹਰ ਰੋਜ਼ ਸ਼ਾਮ ਨੂੰ ਕੀਤੇ ਜਾਣਗੇ ਸੰਗਤਾਂ ਭਾਰੀ ਗਿਣਤੀ ਵਿਚ ਹਰ ਰੋਜ਼ ਪਹੁੰਚਣ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ ਅਤੇ ਭਾਈ ਜਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# 26 ਜਨਵਰੀ ਦੇ ਸਮਾਗਮਾਂ ਵਿਚ ਨਹੀਂ ਸ਼ਾਮਿਲ ਹੋਣਗੇ ਫ੍ਰੀਡਮ ਫਾਈਟਰਾਂ ਦੇ ਪਰਿਵਾਰ

**ਫ਼ਿਰੋਜ਼ਪੁਰ, 15 ਦਸੰਬਰ (ਮਨੋਹਰ ਲਾਲ) :—** ਨਵੇਂ ਸਾਲ ਤੇ ਹੋਣ ਵਾਲੇ 26 ਜਨਵਰੀ ਦੇ ਸਮਾਗਮਾਂ ਦਾ ਦੇਸ਼ ਭਗਤ ਪਰਿਵਾਰਾਂ ਵੱਲੋਂ ਬਾਈਕਾਟ ਕਰਨ ਦਾ ਐਲਾਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਸਮੱਤਰ ਫ੍ਰੀਡਮ ਫਾਈਟਰ ਸਤਨਾਮ ਸਿੰਘ ਲਹਿਰਾ, ਪ੍ਰਧਾਨ ਪ੍ਰਵੀਨ ਕੁਮਾਰ, ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਸੰਧੂ ਫ਼ਿਰੋਜ਼ਪੁਰ ਨੇ ਦੱਸਿਆ ਕਿ 26 ਜਨਵਰੀ ਨੂੰ ਦੇਸ਼ ਭਗਤ ਪਰਿਵਾਰਾਂ ਵੱਲੋਂ ਸਰਕਾਰੀ ਸਮਾਗਮਾਂ ਅਤੇ ਸਰਕਾਰੀ ਸਨਮਾਨਾਂ ਦਾ ਬਾਈਕਾਟ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮਾਗਮਾਂ ਦੌਰਾਨ ਫ੍ਰੀਡਮ ਫਾਈਟਰਾਂ ਵੱਲੋਂ ਕਿਸੇ ਵੀ ਤਰ੍ਹਾਂ ਦਾ ਸਨਮਾਨ ਸਵੀਕਾਰ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਸਾਲ ਮੁੱਖ ਮੰਤਰੀ ਵੱਲੋਂ ਟਾਈਮ ਦੇਣ ਦੇ ਬਾਵਜੂਦ ਫ੍ਰੀਡਮ ਫਾਈਟਰ ਨੂੰ ਮਿਲਿਆ ਨਹੀਂ ਜਾਂਦਾ, ਜਿਸ ਕਰਕੇ ਇਸ ਵਾਰ ਫ੍ਰੀਡਮ ਫਾਈਟਰ ਪਰਿਵਾਰਾਂ ਵੱਲੋਂ ਇਹ ਨਿਰਣਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ 4 ਸਾਲ ਹੋ ਗਏ ਸਰਕਾ ਬਣੀ ਨੂੰ ਆਜ਼ਾਦੀ ਘੁਲਾਟੀਆਂ ਬਾਰੇ ਸਰਕਾਰ ਨੇ ਕੁਝ ਨਹੀਂ ਕੀਤਾ।




ਇੰਟਰਨੈਸ਼ਨਲ ਗੋਲਡ ਕੱਪ ਕਵੀਸ਼ਰ ਗਿਆਨੀ ਬਲਜਿੰਦਰ ਸਿੰਘ ਢੱਡੇ ਦੇ ਜ਼ਨਮ ਦਿਨ ਦੀਆਂ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਲੱਖ ਲੱਖ ਵਧਾਈਆਂ ਹੋਣ ਜੀ।
( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

### ਐਚਐਮਈਐਲ ਅਤੇ ਐਮਸ ਬਠਿੰਡਾ ਦੀ ਭਾਗੀਦਾਰੀ ਨਾਲ

# ਪੰਜਾਬ-ਹਰਿਆਣਾ ਦੇ 59 ਪਿੰਡਾਂ ਤੱਕ ਘਰ-ਘਰ ਪਹੁੰਚੇਗੀ ਸਿਹਤ ਸੇਵਾ




**ਤਲਵੰਡੀ ਸਾਬੋ, 15 ਦਸੰਬਰ ਗੁਰਜੰਟ ਸਿੰਘ ਨਥੇਹਾ)**- ਪਿੰਡਾਂ ਵਿੱਚ ਗੁਣਵੱਤਾ ਭਰੀ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣ ਵੱਲ ਇੱਕ ਇਤਿਹਾਸਕ ਕਦਮ ਚੁੱਕਦਿਆਂ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਅਤੇ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਬਠਿੰਡਾ ਨੇ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਿਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਹੈ, ਜਿਸ ਦੇ ਤਹਿਤ ਪਿੰਡਾਂ ਤੱਕ ਘਰ-ਘਰ ਨਿਸ਼ੁਲਕ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਸੰਬੰਧੀ 15 ਦਸੰਬਰ 2025 ਨੂੰ ਐਚਐਮਈਐਲ ਅਤੇ ਐਮਸ ਬਠਿੰਡਾ ਦਰਮਿਆਨ ਇੱਕ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ ਗਏ। ਇਸ ਪ੍ਰੋਜੈਕਟ ਤਹਿਤ ਪੰਜਾਬ ਅਤੇ ਹਰਿਆਣਾ ਦੇ ਰਿਫਾਈਨਰੀ ਆਲੇ-ਦੁਆਲੇ ਦੇ 59 ਗੋਦ ਲਏ ਪਿੰਡਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਨਿਸ਼ੁਲਕ ਡਾਕਟਰੀ ਸਲਾਹ, ਜਾਂਚ, ਦਵਾਈਆਂ, ਮਾਹਿਰ ਟੈਲੀ-ਕੰਸਲਟੇਸ਼ਨ ਅਤੇ ਸਿਹਤ ਜਾਗਰੂਕਤਾ ਸੇਵਾਵਾਂ ਮਿਲਣਗੀਆਂ। ਇਸ ਨਾਲ ਲਗਭਗ 25,000 ਪਰਿਵਾਰਾਂ ਸਮੇਤ 1.5 ਲੱਖ ਤੋਂ ਵੱਧ ਪਿੰਡ ਵਾਸੀਆਂ ਨੂੰ ਲਾਭ ਹੋਵੇਗਾ। ਸਮਝੌਤਾ ਪੱਤਰ 'ਤੇ ਦਸਤਖ਼ਤ ਐਮਸ ਬਠਿੰਡਾ ਦੇ ਐਗਜ਼ਿਕਊਟਿਵ ਡਾਇਰੈਕਟਰ ਪ੍ਰੋ. (ਡਾ.) ਰੱਤਨ ਗੁਪਤਾ ਦੀ ਹਾਜ਼ਰੀ ਵਿੱਚ ਹੋਏ। ਇਸ ਮੌਕੇ ਐਚ ਐਮਈਐਲ ਦੇ ਸੀਨੀਅਰ ਅਧਿਕਾਰੀ ਸ਼੍ਰੀ ਐਮ. ਬੀ. ਗੋਹਿਲ, ਚੀਫ਼ ਓਪਰੇਟਿੰਗ ਆਫ਼ਿਸਰ, ਸ਼੍ਰੀ ਅਸ਼ੋਕ ਕੁਮਾਰ ਵਾਈਸ ਪ੍ਰੈਜ਼ੀਡੈਂਟ- ਹਿਊਮਨ ਲੀਡਰਸ਼ਿਪ, ਸੇਫ਼ਟੀ ਮੌਜੂਦ ਰਹੇ। ਇਸ ਤੋਂ ਇਲਾਵਾ ਸ਼੍ਰੀ ਅਰੁਣ ਭਾਰਦਵਾਜ਼, ਵਾਈਸ ਪ੍ਰੈਜ਼ਿਡੈਂਟ, ਓਪਰੇਸ਼ਨਲ ਐਕਸਲੈਂਸ, ਸ਼੍ਰੀ ਚਰਨਜੀਤ ਸਿੰਘ, ਜੀਐਮ, ਹਿਊਮਨ ਲੀਡਰਸ਼ਿਪ ਡਾ. ਪ੍ਰਵੀਣ ਮੁਦਗਲ, ਚੀਫ਼ ਮੈਡੀਕਲ ਅਫ਼ਸਰ, ਡਾ. ਰਾਜੀਵ ਕੁਮਾਰ ਗੁਪਤਾ, ਮੈਡੀਕਲ ਸੁਪਰਿੰਟੈਂਡੈਂਟ, ਐਮਸ ਬਠਿੰਡਾ, ਡਾ. ਰਾਕੇਸ਼ ਕੱਕੜ, ਮੁੱਖ, ਕਮਿਊਨਿਟੀ ਅਤੇ ਫੈਮਿਲੀ ਮੈਡੀਸਿਨ ਵਿਭਾਗ ਅਤੇ ਸ਼੍ਰੀ ਵਿਸ਼ਵਮੋਹਨ ਪ੍ਰਸਾਦ, ਡਿਪਟੀ ਜਨਰਲ ਮੈਨੇਜਰ ਸੀਐਸਆਰ ਵੀ ਹਾਜ਼ਰ ਸਨ। ਪ੍ਰੋਜੈਕਟ ਦੇ ਤਹਿਤ ਦੋ ਪੂਰੀ ਤਰ੍ਹਾਂ ਆਧੁਨਿਕ ਮੋਬਾਈਲ ਮੈਡੀਕਲ ਯੂਨਿਟਾਂ ਨਿਯਮਿਤ ਤੌਰ 'ਤੇ ਪਿੰਡਾਂ ਵਿੱਚ ਸੇਵਾਵਾਂ ਪ੍ਰਦਾਨ ਕਰਨਗੀਆਂ। ਹਰ ਯੂਨਿਟ ਵਿੱਚ ਐਮਸ ਦਾ ਡਾਕਟਰ, ਨਰਸ, ਫਾਰਮਾਸਿਸਟ, ਪ੍ਰੋਜੈਕਟ ਕੋਆਰਡੀਨੇਟਰ ਅਤੇ ਡਰਾਈਵਰ ਸ਼ਾਮਲ ਹੋਣਗੇ।

> ☛ ਐਚਐਮਈਐਲ ਅਤੇ ਐਮਸ ਬਠਿੰਡਾ ਦੀ ਭਾਗੀਦਾਰੀ ਨਾਲ ਪੰਜਾਬ-ਹਰਿਆਣਾ ਦੇ 59 ਪਿੰਡਾਂ ਤੱਕ ਘਰ-ਘਰ ਪਹੁੰਚੇਗੀ ਸਿਹਤ ਸੇਵਾ ☛ ਮੋਬਾਈਲ ਮੈਡੀਕਲ ਯੂਨਿਟ, ਟੈਲੀਮੈਡੀਸਿਨ ਅਤੇ ਮੇਗਾ ਸਪੈਸ਼ਲਟੀ ਹੈਲਥ ਕੈਂਪਾਂ ਰਾਹੀਂ 1.5 ਲੱਖ ਤੋਂ ਵੱਧ ਪਿੰਡ ਵਾਸੀਆਂ ਨੂੰ ਮਿਲੇਗਾ ਲਾ




ਇਨ੍ਹਾਂ ਯੂਨਿਟਾਂ ਵਿੱਚ ਜਾਂਚ ਉਪਕਰਣ, ਪ੍ਰਾਥਮਿਕ ਇਲਾਜ ਸਮੱਗਰੀ, ਆਕਸੀਜਨ ਸਿਲੰਡਰ, ਨੇਬੁਲਾਈਜ਼ਰ, ਅੱਗ ਸੁਰੱਖਿਆ ਉਪਕਰਣ ਅਤੇ ਜ਼ਰੂਰੀ ਦਵਾਈਆਂ ਉਪਲਬਧ ਹੋਣਗੀਆਂ। ਮਰੀਜ਼ਾਂ ਦੀ ਜਾਣਕਾਰੀ ਡਿਜ਼ੀਟਲ ਹੈਲਥ ਰਿਕਾਰਡ ਸਿਸਟਮ ਵਿੱਚ ਦਰਜ ਕੀਤੀ ਜਾਵੇਗੀ ਤਾਂ ਜੋ ਨਿਰੰਤਰ ਫਾਲੋਅਪ ਸੰਭਵ ਹੋ ਸਕੇ। ਗੰਭੀਰ ਮਾਮਲਿਆਂ ਨੂੰ ਐਮਸ ਬਠਿੰਡਾ ਜਾਂ ਨਜ਼ਦੀਕੀ ਸਰਕਾਰੀ ਹਸਪਤਾਲ ਵਿੱਚ ਰੈਫਰ ਕੀਤਾ ਜਾਵੇਗਾ। ਮਰੀਜ਼ ਫੀਡਬੈਕ ਅਤੇ ਸ਼ਿਕਾਇਤ ਨਿਵਾਰਣ ਪ੍ਰਣਾਲੀ ਵੀ ਲਾਗੂ ਰਹੇਗੀ। ਪ੍ਰੋਜੈਕਟ ਦੀ ਇੱਕ ਮੁੱਖ ਵਿਸ਼ੇਸ਼ਤਾ ਟੈਲੀਮੈਡੀਸਿਨ ਸਹੂਲਤ ਹੈ, ਜਿਸ ਰਾਹੀਂ ਪਿੰਡਾਂ ਦੇ ਮਰੀਜ਼ਾਂ ਨੂੰ ਐਮਸ ਬਠਿੰਡਾ ਦੇ ਮਾਹਿਰ ਡਾਕਟਰਾਂ—ਕਾਰਡੀਓਲੋਜੀ, ਆਰਥੋਪੀਡਿਕਸ, ਗਾਇਨੇਕੋਲੋਜੀ, ਪੀਡੀਆਟ੍ਰਿਕਸ, ਜਨਰਲ ਮੈਡੀਸਿਨ, ਮਨੋਰੋਗ ਆਦਿ ਨਾਲ ਜੋੜਿਆ ਜਾਵੇਗਾ। ਇਹ ਸੇਵਾ ਫਿਕਸਡ ਡੇ-ਫਿਕਸਡ ਟਾਈਮ-ਫਿਕਸਡ ਸਾਈਟ ਮਾਡਲ 'ਤੇ ਚਲਾਈ ਜਾਵੇਗੀ ਅਤੇ ਸਾਰੇ ਟੈਲੀ-ਕੰਸਲਟੇਸ਼ਨ ਸੈਸ਼ਨ ਡਿਜ਼ੀਟਲ ਤੌਰ 'ਤੇ ਰਿਕਾਰਡ ਕੀਤੇ ਜਾਣਗੇ। ਸਿਹਤ ਜਾਗਰੂਕਤਾ ਵਧਾਉਣ ਲਈ ਆਈਈਸੀ ਅਤੇ ਬੀਸੀਸੀ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਆਸ਼ਾ ਵਰਕਰ, ਸਕੂਲ ਵਿਦਿਆਰਥੀ, ਅਧਿਆਪਕ ਅਤੇ ਪੰਚਾਇਤ ਨੁਮਾਇੰਦੇ ਸਰਗਰਮ ਭਾਗੀਦਾਰੀ ਕਰਨਗੇ। ਇਸ ਤੋਂ ਇਲਾਵਾ, ਪ੍ਰੋਜੈਕਟ ਦੌਰਾਨ 8 ਮੇਗਾ ਸਪੈਸ਼ਲਟੀ ਹੈਲਥ ਕੈਂਪ ਲਗਾਏ ਜਾਣਗੇ, ਜਿੱਥੇ ਐਮਸ ਦੇ ਮਾਹਿਰ ਡਾਕਟਰਾਂ ਵੱਲੋਂ ਵੱਡੇ ਪੱਧਰ 'ਤੇ ਜਾਂਚ, ਸਲਾਹ ਅਤੇ ਨਿਸ਼ੁਲਕ ਦਵਾਈਆਂ ਦਿੱਤੀਆਂ ਜਾਣਗੀਆਂ। ਸੇਵਾ ਦੀ ਗੁਣਵੱਤਾ ਪ੍ਰਭਾਵਸ਼ਾਲੀ ਤਰ੍ਹੀਕੇ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਐਚਐਮਈਐਲ ਵੱਲੋਂ ਨਿਯਮਿਤ ਨਿਗਰਾਨੀ, ਤਿਮਾਹੀ ਆਡਿਟ ਅਤੇ ਫੀਲਡ ਦੌਰੇ ਕੀਤੇ ਜਾਣਗੇ। ਪ੍ਰੋਜੈਕਟ ਲਈ ਵਿੱਤੀ ਸਹਾਇਤਾ ਪ੍ਰਗਤੀ ਅਤੇ ਨਤੀਜਾ ਰਿਪੋਰਟਾਂ ਦੇ ਆਧਾਰ 'ਤੇ ਚਾਰ ਪੜਾਵਾਂ ਵਿੱਚ ਜਾਰੀ ਕੀਤੀ ਜਾਵੇਗੀ ਐਚਐਮਈਐਲ ਅਤੇ ਐਮਸ ਬਠਿੰਡਾ ਦੀ ਇਹ ਭਾਗੀਦਾਰੀ ਪਿੰਡਾਂ ਦੇ ਸਿਹਤ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ, ਜੋ ਇਹ ਯਕੀਨੀ ਬਣਾਉਂਦੀ ਹੈ ਕਿ "ਗੁਣਵੱਤਾ ਭਰੀ ਸਿਹਤ ਸੇਵਾ ਹੁਣ ਹਰ ਪਿੰਡ ਦੇ ਦਰਵਾਜ਼ੇ ਤੱਕ ਪਹੁੰਚੇ।"

### ਸਹਿਕਾਰੀ ਖੰਡ ਮਿੱਲ, ਭਲਾ ਪਿੰਡ ਅਜਨਾਲਾ ਨੇ

# 21 ਲੱਖ ਕੁਇੰਟਲ ਗੰਨਾ ਪੀੜਨਾ ਮਿਥਿਆ ਟੀਚਾ - ਜਨਰਲ ਮੈਨੇਜਰ

**ਜੰਡਿਆਲਾ ਗੁਰੂ, 15 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਸਰਹੱਦੀ ਜਿਲ੍ਹੇ ਅੰਮ੍ਰਿਤਸਰ ਦੀ ਇਕੋ ਇਕ ਸਹਿਕਾਰੀ ਖੰਡ ਮਿੱਲ, ਭਲਾ ਪਿੰਡ ਅਜਨਾਲਾ ਜੋ ਕਿ ਇਸ ਇਲਾਕੇ ਦੀ ਆਰਥਿਕਤਾ ਦੀ ਰੀੜ ਦੀ ਹੱਡੀ ਮੰਨੀ ਜਾਂਦੀ ਹੈ ਦਾ ਪਿੜਾਈ ਸੀਜ਼ਨ 2025-26 ਮਿਤੀ 29-11-2025 ਨੂੰ ਸ਼ੁਰੂ ਹੋ ਚੁੱਕਾ ਹੈ। ਮਿੱਲ ਨੇ ਇਸ ਸ਼ੀਜਨ ਦੌਰਾਨ ਤਕੀਰਬਨ 21 ਲੱਖ ਕੁਇੰਟਲ ਗੰਨਾ ਪੀੜਨ ਦਾ ਟੀਚਾ ਮਿਥਿਆ ਹੈ। ਹੁੱਣ ਤੱਕ ਮਿੱਲ ਵੱਲੋ ਤਕਰੀਬਨ 2.50 ਲੱਖ ਕੁਇੰਟਲ ਗੰਨੇ ਦੀ ਪਿੜਾਈ ਕੀਤੀ ਜਾ ਚੁੱਕੀ ਹੈ। ਮਿੱਲ ਵੱਲੋ ਮਿਤੀ 01.12.2025 ਤੱਕ ਗੰਨਾ ਕਾਸ਼ਤਕਾਰਾਂ ਵੱਲੋ ਮਿੱਲ ਨੂੰ ਸਪਲਾਈ ਕੀਤੇ ਗਏ ਗੰਨੇ ਦੀ ਅਦਾਇਗੀ ਉਨ੍ਹਾਂ ਦੇ ਖਾਤੇ ਵਿੱਚ ਪਾ ਦਿੱਤੀ ਗਈ ਹੈ ਅਤੇ ਭਵਿੱਖ ਵਿੱਚ ਗੰਨਾ ਕਾਸ਼ਤਕਾਰਾਂ ਦੀ ਗੰਨੇ ਦੀ ਪੇਮੈਂਟ ਨਾਲ ਦੀ ਨਾਲ ਉਨ੍ਹਾਂ ਦੇ ਖਾਤੇ ਵਿੱਚ ਭੇਜਣੀ ਸ਼ੁਰੂ ਕਰ ਦਿੱਤੀ ਜਾਵੇਗੀ। ਮਿੱਲ ਦੇ ਜਨਰਲ ਮੈਨੇਜਰ ਸ਼੍ਰੀ ਰਜਿੰਦਰ ਪ੍ਰਤਾਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਿੱਲ ਦੀ ਪ੍ਰਤੀ ਦਿਨ ਗੰਨਾ ਪੀੜਨ ਦੀ ਸਮਰੱਥਾ 25000 ਕੁਇੰਟਲ ਹੈ। ਇਸ ਇਲਾਕੇ ਦੇ ਜ਼ਿਮੀਦਾਰ ਇਸ ਗੱਲੋ ਬੇਹੱਦ ਉਤਸ਼ਾਹਿਤ ਹਨ ਕਿ ਮਿੱਲ ਦਾ ਪਿੜਾਈ ਸੀਜ਼ਨ 2025-26 ਬਹੁਤ ਵਧੀਆ ਚਲ ਰਿਹਾ ਹੈ ਅਤੇ ਮਿੱਲ ਦਾ ਪਿੜਾਈ ਸੀਜ਼ਨ ਵੱਧੀਆ ਚਲਣ ਨਾਲ ਗੰਨਾ ਕਾਸ਼ਤਕਾਰਾਂ ਨੂੰ ਮਿੱਲ ਵਿੱਚ ਕੋਈ ਮੁਸ਼ਕਲ ਪੇਸ਼ ਨਹੀ ਆ ਰਹੀ ਹੈ। ਗੰਨਾ ਕਾਸ਼ਤਕਾਰਾਂ ਵੱਲੋ ਇਸ ਗੱਲ ਦੀ ਖੁਸ਼ੀ ਪ੍ਰਗਟਾਈ ਜਾ ਰਹੀ ਹੈ ਕਿ ਉਹ ਆਪਣਾ ਗੰਨਾ ਮਿੱਲ ਨੂੰ ਸਪਲਾਈ ਕਰਕੇ 4-6 ਘੰਟੇ ਵਿੱਚ ਘਰ ਵਾਪਿਸ ਜਾ ਰਹੇ ਹਨ। ਜਨਰਲ ਮੈਨੇਜਰ ਵੱਲੋ ਇਹ ਵੀ ਦੱਸਿਆ ਗਿਆ ਕਿ ਉਨ੍ਹਾਂ ਵੱਲੋ ਗੰਨਾ ਕਾਸ਼ਤਕਾਰਾਂ ਨਾਲ ਨਿੱਜੀ ਤੌਰ ਤੇ ਸੰਪਰਕ ਕਰਕੇ ਉਨ੍ਹਾਂ ਨੂੰ ਅਜਨਾਲਾ ਮਿੱਲ ਨੂੰ ਗੰਨਾ ਸਪਲਾਈ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਮਿੱਲ ਅਧਕਾਰੀਆਂ ਵੱਲੋ ਗੰਨਾ ਕਾਸ਼ਤਕਾਰਾਂ ਨਾਲ ਮਿਲਨੀ ਦੌਰਾਨ ਗੰਨਾ ਕਾਸ਼ਤਕਾਰਾਂ ਸ਼੍ਰੀ ਹਰਪਾਲ ਸਿੰਘ, ਸ਼੍ਰੀ ਬਲਦੇਵ ਸਿੰਘ, ਸ਼੍ਰੀ ਗੁਰਬੀਰ ਸਿੰਘ ਭਿੰਡੀ ਔਲਖ, ਸ਼੍ਰੀ ਮਨਜਿੰਦਰ ਸਿੰਘ, ਸਰਪੰਚ ਸੈਦੋਗਾਜੀ, ਸ਼੍ਰੀ ਬਲਦੇਵ ਸਿੰਘ, ਸਰਪੰਚ ਸਾਰੰਗਦੇਵ ਅਤੇ ਨਗੀਨ ਸਿੰਘ, ਸਰਪੰਚ ਸ਼ਾਲੀਵਾਲ ਵੱਲੋ ਦੱਸਿਆ ਗਿਆ ਕਿ ਇਸ ਵਕਤ ਲੇਬਰ ਦੀ ਘਾਟ ਹੋਣ ਕਾਰਣ ਮਿੱਲ ਵਿੱਚ ਗੰਨੇ ਦੀ ਆਮਦ ਘੱਟ ਹੈ ਜੋ ਕਿ ਆਉਣ ਵਾਲੇ 3-4 ਦਿਨਾਂ ਤੱਕ ਹੱਲ ਹੋ ਜਾਵੇਗੀ ਅਤੇ ਮਿੱਲ ਨੂੰ ਆਪਣੀ ਸਮਰੱਥਾ ਅਨੁਸਾਰ ਗੰਨਾ ਮਿਲਣਾ ਸ਼ੁਰੂ ਹੋ ਜਾਵੇਗਾ। ਮਿੱਲ ਮੈਨੇਜਮੈਂਟ ਵੱਲੋ ਇਹ ਵੀ ਵਿਸ਼ਵਾਸ ਦਿਵਾਇਆ ਗਿਆ ਕਿ ਅਜਨਾਲਾ ਸਹਿਕਾਰੀ ਖੰਡ ਮਿੱਲ ਸਹਿਕਾਰੀ ਖੇਤਰ ਅਤੇ ਖੇਤੀਬਾੜੀ ਨਾਲ ਸਬੰਧਤ ਲੋਕਾਂ ਦਾ ਆਪਣਾ ਅਦਾਰਾ ਹੈ। ਗੰਨਾ ਕਾਸ਼ਤਕਾਰਾਂ ਨੂੰ ਮਿੱਲ ਵਿੱਚ ਆਪਣਾ ਗੰਨਾ ਲਿਆਉਣ ਦੌਰਾਨ ਬਹੁਤ ਔਕੜਾਂ ਸਾਹਮਣਾ ਕਰਨਾ ਪੈਂਦਾ ਹੈ। ਮਿੱਲ ਦੇ ਜਨਰਲ ਮੈਨੇਜਰ ਅਤੇ ਮੁੱਖ ਗੰਨਾ ਵਿਕਾਸ ਅਫਸਰ ਵੱਲੋ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਗਈ ਕਿ ਮਿੱਲ ਨੂੰ ਸਾਫ ਸੁਥਰਾ ਆਗ ਖੋਰੀ ਰਹਿਤ ਸਮੇਂ ਸਿਰ ਗੰਨਾ ਸਪਲਾਈ ਕੀਤਾ।



## ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਬਾਲ ਦਿਵਸ ਨਹੀਂ ਸਾਹਿਬਜਾਦੇ ਸ਼ਹੀਦੀ ਦਿਹਾੜੇ ਨਾਮ ਵਰਤੇ ਜਾਣ: ਸਰਨਾ

### ਕੇਂਦਰ ਅਤੇ ਰਾਜ ਸਰਕਾਰ ਦੇ ਨੇਤਾ ਸਰਕਾਰ ਨੂੰ ਇਹ ਸਮਝਾਉਣ ਵਿਚ ਅਸਫਲ ਰਹੇ ਹਨ ਕਿ ਸਿੱਖ ਪੰਥ "ਬਾਲ ਦਿਵਸ ਨਾਮ" ਦਾ ਵਿਰੋਧ ਕਰਦਾ ਹੈ



ਨਵੀਂ ਦਿੱਲੀ 15 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਭਾਜਪਾ ਸਰਕਾਰ ਵਲੋਂ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਮੁੜ ਬਾਲ ਦਿਵਸ ਦੇ ਰੂਪ ਵਿਚ ਮਨਾਏ ਜਾਣ ਦੀ ਗੱਲ ਕੀਤੀ ਜਾ ਰਹੀ ਹੈ ਜੋ ਕਿ ਸਿੱਖ ਪੰਥ ਨੂੰ ਮੰਜੂਰ ਨਹੀਂ ਹੈ ਤੇ ਇਸ ਦਾ ਸਮੂਹ ਪੰਥ ਵਲੋਂ ਭਾਰੀ ਵਿਰੋਧ ਕੀਤਾ ਜਾਂਦਾ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਭਾਜਪਾਈ ਮੈਂਬਰ ਭਾਵੇਂ ਓਹ ਸੈਂਟਰ ਵਿਚ ਹਨ ਭਾਵੇਂ ਰਾਜ ਵਿਚ ਆਪਣੀ ਪਾਰਟੀ ਨੂੰ, ਸਰਕਾਰ ਨੂੰ ਅਤੇ ਦੇਸ਼ ਦੇ ਪੀਐਮ ਨੂੰ ਇਹ ਸਮਝਾਉਣ ਵਿਚ ਅਸਫਲ ਰਹੇ ਹਨ ਕਿ ਸਿੱਖ ਪੰਥ ਬਾਲ ਦਿਵਸ ਨਾਮ ਦਾ ਵਿਰੋਧ ਕਰਦਾ ਹੈ ਤੇ ਇਸ ਕਰਕੇ ਸਿੱਖ ਭਾਜਪਾ ਤੋਂ ਦੂਰ ਹੁੰਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਕਦੇ ਵੀਂ ਸਾਹਿਬਜਾਦਿਆਂ ਨੂੰ ਬਾਲ ਨਹੀਂ ਕਿਹਾ। ਉਨ੍ਹਾਂ ਕਿਹਾ ਕਿ ਸਾਹਿਬਜਾਦਿਆਂ ਦੀ ਉਮਰ ਭਾਵੇਂ ਘੱਟ ਸੀ ਪਰ ਉਨ੍ਹਾਂ ਦੇ ਕੰਮ ਬਹੁਤ ਵੱਡੇ ਸਨ ਇਸੇ ਕਰਕੇ ਇਤਿਹਾਸ ਵਿਚ ਉਨ੍ਹਾਂ ਦਾ ਸਾਹਿਬਜਾਦੇ ਜਾਂ ਬਾਬਾ ਦੇ ਨਾਮ ਨਾਲ ਜਿਕਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਬਾਲ ਦਿਵਸ ਦੇ ਰੂਪ ਵਿਚ ਮਨਾਂ ਕੇ ਤੁਸੀਂ ਆਪਣਾ ਪੈਸਾ ਅਤੇ ਸਮਾਂ ਬਰਬਾਦ ਕਰ ਰਹੇ ਹੋ ਇਸ ਲਈ ਤੁਹਾਡੇ ਵਲੋਂ ਕੀਤੀ ਜਾ ਰਹੀ ਗਲਤੀ ਨੂੰ ਸੁਧਾਰਨ ਲਈ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਾਹਿਬਜਾਦੇ ਸ਼ਹੀਦੀ ਦਿਹਾੜੇ ਦੇ ਨਾਮ ਨਾਲ ਮਨਾਇਆ ਜਾਏ ਅਤੇ ਇੰਨ੍ਹਾ ਦਿਹਾੜਿਆਂ ਲਈ ਹੋਰ ਕੌਈ ਵੀਂ ਨਾਮ ਵਰਤਣ ਦੀ ਲੋੜ ਨਹੀਂ ਹੈ।

### ਸੋਹਾਣਾ ਵਿੱਚ ਕਬੱਡੀ ਟੂਰਨਾਮੈਂਟ ਦੌਰਾਨ ਰਾਣਾ ਬਲਾਚੋਰੀਆਂ ਦਾ ਗੋਲੀ ਮਾਰ ਕੇ ਕਤਲ - ਪੰਜਾਬ ਦੀ ਕਾਨੂੰਨ ਵਿਵਸਥਾ ਦੀ ਅਸਫਲਤਾ : ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ. ਕਰਨੈਲ ਸਿੰਘ ਪੀਰ ਮੁਹੰਮਦ, ਮੁੱਖ ਬੁਲਾਰਾ, ਸ਼੍ਰੋਮਣੀ ਅਕਾਲੀ ਦਲ, ਨੇ ਮੋਹਾਲੀ ਦੇ ਸੁਹਾਣਾ ਨੇੜੇ ਕਬੱਡੀ ਟੂਰਨਾਮੈਂਟ ਦੌਰਾਨ ਹੋਏ ਕਬੱਡੀ ਕੋਚ ਦੇ ਬੇਰਹਿਮੀ ਨਾਲ ਕਤਲ 'ਤੇ ਡੂੰਘੇ ਦੁੱਖ ਅਤੇ ਗੁੱਸੇ ਦਾ ਪ੍ਰਗਟਾਵਾ ਕੀਤਾ ਹੈ। ਸ. ਪੀਰ ਮੁਹੰਮਦ ਨੇ ਕਿਹਾ: ਇਹ ਬਹੁਤ ਹੀ ਸ਼ਰਮਨਾਕ ਅਤੇ ਦਿਲ ਕੰਬਾਊ ਘਟਨਾ ਹੈ ਕਿ ਜਿਸ ਪੰਜਾਬ ਵਿੱਚ ਅਸੀਂ ਕਬੱਡੀ ਨੂੰ 'ਮਾਂ ਖੇਡ' ਦਾ ਦਰਜਾ ਦਿੰਦੇ ਹਾਂ, ਅੱਜ ਉਸੇ ਮੈਦਾਨ ਵਿੱਚ ਇੱਕ ਕੋਚ ਨੂੰ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਇੱਕ ਖੇਡ ਮੇਲੇ ਦੇ ਵਿਚਕਾਰ ਹੋਈ ਇਹ ਵਾਰਦਾਤ ਸਾਬਤ ਕਰਦੀ ਹੈ ਕਿ ਪੰਜਾਬ ਵਿੱਚ ਕਾਨੂੰਨ ਦਾ ਡਰ ਬਿਲਕੁਲ ਖ਼ਤਮ ਹੋ ਚੁੱਕਾ ਹੈ।"

ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਸੂਬਾ ਸਰਕਾਰ ਅਤੇ ਖਾਸ ਕਰਕੇ ਮੁੱਖ ਮੰਤਰੀ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ:

* ਸਵਾਲੀਆ ਨਿਸ਼ਾਨ: "ਜੇਕਰ ਮੁਹਾਲੀ (ਜੋ ਕਿ ਰਾਜਧਾਨੀ ਦੇ ਇੰਨਾ ਨੇੜੇ ਹੈ) ਵਰਗੀ ਜਗ੍ਹਾ 'ਤੇ, ਜਿੱਥੇ ਸੈਂਕੜੇ ਲੋਕ ਮੌਜੂਦ ਸਨ, ਖੁੱਲ੍ਹੇਆਮ ਗੋਲੀਬਾਰੀ ਹੋ ਸਕਦੀ ਹੈ, ਤਾਂ ਆਮ ਆਦਮੀ ਪੰਜਾਬ ਦੇ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਕਿੰਨਾ ਕੁ ਸੁਰੱਖਿਅਤ ਹੈ ? ਸਰਕਾਰ ਕਿੱਥੇ ਸੁੱਤੀ ਹੋਈ ਹੈ ?÷

* ਯੂਥ ਦਾ ਅਪਮਾਨ: "ਇਹ ਕਤਲ ਸਿਰਫ਼ ਇੱਕ ਵਿਅਕਤੀ ਦਾ ਕਤਲ ਨਹੀਂ, ਸਗੋਂ ਪੰਜਾਬ ਦੇ ਖੇਡ ਸੱਭਿਆਚਾਰ ਅਤੇ ਯੂਥ 'ਤੇ ਹਮਲਾ ਹੈ। ਸਾਡੇ ਨੌਜਵਾਨਾਂ ਨੂੰ ਖੇਡਾਂ ਵੱਲ ਲਿਆਉਣ ਵਾਲੇ ਕੋਚ ਹੀ ਸੁਰੱਖਿਅਤ ਨਹੀਂ ਹਨ।" ਤੁਰੰਤ ਕਾਰਵਾਈ ਦੀ ਮੰਗ: ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਸੂਬਾ ਸਰਕਾਰ ਤੋਂ ਤੁਰੰਤ ਹੇਠ ਲਿਖੀਆਂ ਮੰਗਾਂ ਕੀਤੀਆਂ: * ਦੋਸ਼ੀਆਂ ਦੀ ਗ੍ਰਿਫ਼ਤਾਰੀ: ਕਾਤਲਾਂ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਸਖ਼ਤ ਸਜ਼ਾ ਦਿੱਤੀ ਜਾਵੇ। * ਜਵਾਬਦੇਹੀ: ਸੁਰੱਖਿਆ ਵਿੱਚ ਅਣਗਹਿਲੀ ਲਈ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ। * ਪੀੜਤ ਪਰਿਵਾਰ ਨੂੰ ਮੁਆਵਜ਼ਾ: ਮ੍ਰਿਤਕ ਕੋਚ ਦੇ ਪਰਿਵਾਰ ਨੂੰ ਤੁਰੰਤ ਢੁਕਵਾਂ ਮੁਆਵਜ਼ਾ ਅਤੇ ਇੱਕ ਪਰਿਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਵਿਗੜ ਚੁੱਕੀ ਕਾਨੂੰਨ ਵਿਵਸਥਾ ਵਿਰੁੱਧ ਆਵਾਜ਼ ਬੁਲੰਦ ਕਰਦਾ ਰਹੇਗਾ ਅਤੇ ਜਦੋਂ ਤੱਕ ਨਿਆਂ ਨਹੀਂ ਮਿਲਦਾ, ਸੰਘਰਸ਼ ਜਾਰੀ ਰੱਖਿਆ ਜਾਵੇਗਾ।

## ਗੈਸ ਚੈਂਬਰ ਬਣੀ ਦਿੱਲੀ, ਐਨਸੀਆਰ 'ਚ ਵਿਗੜੀ ਹਵਾ ਦੀ ਗੁਣਵੱਤਾ; AQI 450 ਨੂੰ ਪਾਰ

**ਨਵੀਂ ਦਿੱਲੀ, 15 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਖਰਾਬ ਮੌਸਮ ਨੇ ਦਿੱਲੀ ਨੂੰ ਗੈਸ ਚੈਂਬਰ ਵਿੱਚ ਬਦਲ ਦਿੱਤਾ ਹੈ। ਸੋਮਵਾਰ ਨੂੰ ਲਗਾਤਾਰ ਤੀਜੇ ਦਿਨ ਹਵਾ ਦੀ ਗੁਣਵੱਤਾ ਗੰਭੀਰ ਸ਼੍ਰੇਣੀ ਵਿੱਚ ਦਰਜ ਕੀਤੀ ਗਈ। ਸਵੇਰ ਦੀ ਸ਼ੁਰੂਆਤ ਧੁੰਦ ਅਤੇ ਧੁੰਦ ਨਾਲ ਹੋਈ। ਧੂੰਏਂ ਦੀ ਸੰਘਣੀ ਚਾਦਰ ਵੀ ਦਿਖਾਈ ਦੇ ਰਹੀ ਸੀ। ਇਸ ਕਾਰਨ ਕਈ ਇਲਾਕਿਆਂ ਵਿੱਚ ਦ੍ਰਿਸ਼ਟੀ ਬਹੁਤ ਘੱਟ ਸੀ। ਇਸ ਦੌਰਾਨ, ਦਿੱਲੀ ਲਈ ਏਅਰ ਕੁਆਲਿਟੀ ਅਰਲੀ ਵਾਰਨਿੰਗ ਸਿਸਟਮ ਦੇ ਅਨੁਸਾਰ, ਐਤਵਾਰ ਸਵੇਰੇ ਰਾਜਧਾਨੀ ਦਾ ਔਸਤ ਏਅਰ ਕੁਆਲਿਟੀ ਇੰਡੈਕਸ (AQI) 456 ਦਰਜ ਕੀਤਾ ਗਿਆ।

ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅੰਕੜਿਆਂ ਅਨੁਸਾਰ ਸਵੇਰੇ 7 ਵਜੇ ਰਾਜਧਾਨੀ ਦਿੱਲੀ ਦੇ ਅਲੀਪੁਰ ਵਿੱਚ AQI 449, ਆਨੰਦ ਵਿਹਾਰ ਵਿੱਚ 493, ਅਸ਼ੋਕ ਵਿਹਾਰ ਵਿੱਚ 500, ਆਯਾ ਨਗਰ ਵਿੱਚ 413, ਬਵਾਨਾ ਵਿੱਚ 472, ਬੁਰਾੜੀ ਵਿੱਚ 454, ਚਾਂਦਨੀ ਚੌਕ ਖੇਤਰ ਵਿੱਚ 438 ਦਰਜ ਕੀਤਾ ਗਿਆ।

ਇਸ ਦੇ ਨਾਲ ਹੀ, ਡੀਟੀਯੂ ਵਿੱਚ 482, ਦਵਾਰਕਾ ਸੈਕਟਰ 8 ਵਿੱਚ 464, ਆਈਜੀਆਈ ਏਅਰਪੋਰਟ ਟੀ3 ਖੇਤਰ ਵਿੱਚ 384, ਆਈਟੀਓ ਵਿੱਚ 469, ਜਹਾਂਗੀਰਪੁਰੀ ਵਿੱਚ 500, ਲੋਧੀ ਰੋਡ ਵਿੱਚ 417, ਮੁੰਡਕਾ ਵਿੱਚ 450, ਨਜਫਗੜ੍ਹ ਵਿੱਚ 410, ਪੰਜਾਬੀ ਬਾਗ ਵਿੱਚ 480, ਰੋਹਿਣੀ ਵਿੱਚ 500, ਵਿਵੇਕ ਵਿਹਾਰ ਵਿੱਚ 493, ਸੋਨੀਆ ਵਿਹਾਰ ਵਿੱਚ 462, ਆਰਕੇ ਪੁਰਮ ਵਿੱਚ 482, ਵਜ਼ੀਰਪੁਰ ਵਿੱਚ 500 ਮਾਮਲੇ ਦਰਜ ਕੀਤੇ ਗਏ।

**ਕੋਈ ਰਾਹਤ ਨਹੀਂ :** ਦਿੱਲੀ ਵਿੱਚ ਹਵਾ ਦੀ ਗਤੀ ਆਮ ਤੌਰ 'ਤੇ ਦਸ ਕਿਲੋਮੀਟਰ ਪ੍ਰਤੀ ਘੰਟਾ ਤੋਂ ਘੱਟ ਹੁੰਦੀ ਹੈ। ਇਸ ਤੋਂ ਇਲਾਵਾ, ਵਧਦੀ ਠੰਢ ਪ੍ਰਦੂਸ਼ਣ ਦੇ ਕਣਾਂ ਨੂੰ ਜ਼ਿਆਦਾ ਸਮੇਂ ਲਈ ਵਾਯੂਮੰਡਲ ਵਿੱਚ ਰੱਖ ਰਹੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਦਿੱਲੀ ਵਾਸੀਆਂ ਨੂੰ ਅਗਲੇ ਤਿੰਨ ਤੋਂ ਚਾਰ ਦਿਨਾਂ ਤੱਕ ਪ੍ਰਦੂਸ਼ਿਤ ਹਵਾ ਤੋਂ ਕੋਈ ਰਾਹਤ ਮਿਲਣ ਦੀ ਸੰਭਾਵਨਾ ਨਹੀਂ ਹੈ।